## ਸੰਪਾਦਕੀ

### ਕੀ ਹੈ ਮਨੁੱਖੀ ਪੱਤਰਕਾਰੀ ਦੇ ਨਵੇਂ ਦੌਰ ਦੀ ਪ੍ਰੀਖਿਆ ?

ਦੁਨੀਆ ਤੇਜ਼ੀ ਨਾਲ ਕ੍ਰਿਤ੍ਰਿਮ ਬੁੱਧੀ (Artificial Intelligence - AI) ਦੇ ਯੁੱਗ ਵਿੱਚ ਦਾਖ਼ਲ ਹੋ ਚੁੱਕੀ ਹੈ। ਸਿੱਖਿਆ, ਸਿਹਤ, ਖੇਤੀਬਾੜੀ, ਨਿਆਂ ਅਤੇ ਉਦਯੋਗ ਤੋਂ ਬਾਅਦ ਹੁਣ ਪੱਤਰਕਾਰੀ ਵੀ ਇਸ ਬਦਲਾਅ ਦੇ ਕੇਂਦਰ ਵਿੱਚ ਹੈ। ਅੱਜ 19 ਕੁਝ ਸਕਿੰਟਾਂ ਵਿੱਚ ਖ਼ਬਰਾਂ ਲਿਖ ਸਕਦੀ ਹੈ, ਤਸਵੀਰਾਂ ਅਤੇ ਵੀਡੀਓ ਤਿਆਰ ਕਰ ਸਕਦੀ ਹੈ, ਅਨੁਵਾਦ ਕਰ ਸਕਦੀ ਹੈ ਅਤੇ ਡਾਟਾ ਦਾ ਵਿਸ਼ਲੇਸ਼ਣ ਕਰ ਸਕਦੀ ਹੈ। ਇਸ ਨਾਲ ਇੱਕ ਅਹਿਮ ਸਵਾਲ ਖੜ੍ਹਾ ਹੁੰਦਾ ਹੈ—ਕੀ 19 ਇੱਕ ਦਿਨ ਮਨੁੱਖੀ ਪੱਤਰਕਾਰ ਅਤੇ ਸੰਪਾਦਕ ਦੀ ਥਾਂ ਲੈ ਲਵੇਗੀ ?

ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ 19 ਨੇ ਪੱਤਰਕਾਰੀ ਨੂੰ ਵਧੇਰੇ ਤੇਜ਼ ਅਤੇ ਪ੍ਰਭਾਵਸ਼ਾਲੀ ਬਣਾਇਆ ਹੈ। ਤੁਰੰਤ ਖ਼ਬਰਾਂ ਦਾ ਖ਼ਾਕਾ ਤਿਆਰ ਕਰਨਾ, ਅੰਕੜਿਆਂ ਦਾ ਵਿਸ਼ਲੇਸ਼ਣ ਕਰਨਾ ਅਤੇ ਵੱਖ-ਵੱਖ ਭਾਸ਼ਾਵਾਂ ਵਿੱਚ ਸਮੱਗਰੀ ਉਪਲਬਧ ਕਰਵਾਉਣਾ ਹੁਣ ਪਹਿਲਾਂ ਨਾਲੋਂ ਕਿਤੇ ਆਸਾਨ ਹੋ ਗਿਆ ਹੈ। ਛੋਟੇ ਮੀਡੀਆ ਅਦਾਰੇ ਵੀ ਸੀਮਤ ਸਰੋਤਾਂ ਨਾਲ ਵੱਧ ਕੰਮ ਕਰ ਸਕਦੇ ਹਨ।

ਪਰ ਪੱਤਰਕਾਰੀ ਸਿਰਫ਼ ਸ਼ਬਦਾਂ ਦਾ ਜੋੜ ਨਹੀਂ, ਸਗੋਂ ਇੱਕ ਸਮਾਜਿਕ ਜ਼ਿੰਮੇਵਾਰੀ ਹੈ। ਇੱਕ ਖ਼ਬਰ ਦੇ ਪਿੱਛੇ ਦਾ ਸੰਦਰਭ, ਮਨੁੱਖੀ ਸੰਵੇਦਨਾ, ਨੈਤਿਕਤਾ, ਸੰਪਾਦਕੀ ਫ਼ੈਸਲਾ ਅਤੇ ਜਨਹਿੱਤ ਦੀ ਸਮਝ ਅਜਿਹੇ ਗੁਣ ਹਨ ਜੋ ਕੇਵਲ ਤਕਨਾਲੋਜੀ ਨਾਲ ਨਹੀਂ ਆ ਸਕਦੇ। 19 ਉਹੀ ਜਾਣਕਾਰੀ ਪੇਸ਼ ਕਰਦੀ ਹੈ ਜੋ ਉਸ ਨੂੰ ਉਪਲਬਧ ਕਰਵਾਈ ਜਾਂਦੀ ਹੈ। ਜੇਕਰ ਡਾਟਾ ਗਲਤ ਜਾਂ ਪੱਖਪਾਤੀ ਹੋਵੇ, ਤਾਂ ਨਤੀਜਾ ਵੀ ਉਸੇ ਤਰ੍ਹਾਂ ਦਾ ਹੋ ਸਕਦਾ ਹੈ।

ਇੱਕ ਹੋਰ ਵੱਡੀ ਚੁਣੌਤੀ ਡੀਪਫੇਕ, ਝੂਠੀਆਂ ਤਸਵੀਰਾਂ ਅਤੇ 19 ਨਾਲ ਤਿਆਰ ਕੀਤੀਆਂ ਭ੍ਰਮਕ ਵੀਡੀਓ ਹਨ। ਜੇ ਇਨ੍ਹਾਂ ਦੀ ਪੁਸ਼ਟੀ ਬਿਨਾਂ ਪ੍ਰਸਾਰਿਤ ਕੀਤਾ ਜਾਵੇ, ਤਾਂ ਸਮਾਜ ਵਿੱਚ ਭਰਮ, ਨਫ਼ਰਤ ਅਤੇ ਅਸ਼ਾਂਤੀ ਫੈਲ ਸਕਦੀ ਹੈ। ਇਸ ਸਥਿਤੀ ਵਿੱਚ ਮਨੁੱਖੀ ਪੱਤਰਕਾਰ ਦੀ ਜਾਂਚ-ਪੜਤਾਲ ਅਤੇ ਤੱਥਾਂ ਦੀ ਪੁਸ਼ਟੀ ਦੀ ਭੂਮਿਕਾ ਹੋਰ ਵੀ ਮਹੱਤਵਪੂਰਨ ਹੋ ਜਾਂਦੀ ਹੈ।

ਸੰਪਾਦਕ ਦਾ ਕੰਮ ਸਿਰਫ਼ ਭਾਸ਼ਾ ਨੂੰ ਸੁਧਾਰਨਾ ਨਹੀਂ ਹੁੰਦਾ। ਉਹ ਇਹ ਵੀ ਨਿਰਧਾਰਤ ਕਰਦਾ ਹੈ ਕਿ ਕਿਹੜੀ ਖ਼ਬਰ ਜਨਹਿੱਤ ਵਿੱਚ ਹੈ, ਕਿਹੜੀ ਜਾਣਕਾਰੀ ਦੀ ਪੁਸ਼ਟੀ ਲਾਜ਼ਮੀ ਹੈ ਅਤੇ ਕਿਹੜੀ ਸਮੱਗਰੀ ਦਾ ਸਮਾਜ 'ਤੇ ਨਕਾਰਾਤਮਕ ਪ੍ਰਭਾਵ ਪੈ ਸਕਦਾ ਹੈ। ਇਹ ਸੰਪਾਦਕੀ ਵਿਵੇਕ ਤਜਰਬੇ, ਸਮਾਜਿਕ ਸਮਝ ਅਤੇ ਨੈਤਿਕ ਜ਼ਿੰਮੇਵਾਰੀ ਨਾਲ ਵਿਕਸਿਤ ਹੁੰਦਾ ਹੈ।

ਇਸ ਲਈ 19 ਨੂੰ ਪੱਤਰਕਾਰਾਂ ਦਾ ਬਦਲ ਨਹੀਂ, ਸਗੋਂ ਇੱਕ ਸਹਾਇਕ ਸਾਧਨ ਵਜੋਂ ਦੇਖਣਾ ਚਾਹੀਦਾ ਹੈ। ਭਵਿੱਖ ਦੀ ਕਾਮਯਾਬ ਪੱਤਰਕਾਰੀ ਉਹੀ ਹੋਵੇਗੀ ਜੋ 19 ਦੀ ਗਤੀ ਅਤੇ ਮਨੁੱਖੀ ਬੁੱਧੀ ਦੇ ਵਿਵੇਕ ਨੂੰ ਇਕੱਠਾ ਕਰੇਗੀ। ਜਿੱਥੇ ਮਸ਼ੀਨ ਡਾਟਾ ਸੰਭਾਲੇਗੀ, ਉੱਥੇ ਮਨੁੱਖ ਸੱਚਾਈ, ਸੰਵੇਦਨਸ਼ੀਲਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਏਗਾ।

ਅੰਤ ਵਿੱਚ, ਤਕਨਾਲੋਜੀ ਪੱਤਰਕਾਰੀ ਦਾ ਭਵਿੱਖ ਜ਼ਰੂਰ ਬਦਲ ਸਕਦੀ ਹੈ, ਪਰ ਸੱਚ, ਨਿਰਪੱਖਤਾ, ਨੈਤਿਕਤਾ ਅਤੇ ਜਨਹਿੱਤ ਦੀ ਰੱਖਿਆ ਕਰਨ ਵਾਲੇ ਸੰਪਾਦਕੀ ਵਿਵੇਕ ਦੀ ਥਾਂ ਨਹੀਂ ਲੈ ਸਕਦੀ। 19 ਇੱਕ ਸ਼ਕਤੀਸ਼ਾਲੀ ਸਾਧਨ ਹੈ, ਪਰ ਇਸ ਦਾ ਸਹੀ ਉਪਯੋਗ ਮਨੁੱਖੀ ਸੋਚ ਅਤੇ ਜ਼ਿੰਮੇਵਾਰ ਪੱਤਰਕਾਰੀ ਹੀ ਯਕੀਨੀ ਬਣਾ ਸਕਦੀ ਹੈ।

-ਛੱਤਰਪਾਲ ਸਿੰਘ

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ: 9814632807

Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiaĺa and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354
ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।
Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਚਿਹਰਾ ਚਮਕਾਉਣ ਦੀ ਭੁੱਖ ਵਿੱਚ ਅਵਸਰਵਾਦੀ ਅਨਸਰ ਵੱਕਾਰੀ ਸੰਸਥਾਵਾਂ ਨੂੰ ਵੀ ਨਹੀਂ ਬਖ਼ਸ਼ਦੇ



ਗੁਰਮੀਤ ਸਿੰਘ ਤੰਗ
ਬਿਊਰੋ ਚੀਫ.
9855221193

ਹਰ ਯੁੱਗ ਦੀ ਆਪਣੀ ਇੱਕ ਤ੍ਰਾਸਦੀ ਹੁੰਦੀ ਹੈ। ਅੱਜ ਦੇ ਦੌਰ ਦੀ ਸਭ ਤੋਂ ਵੱਡੀ ਤ੍ਰਾਸਦੀ ਇਹ ਨਹੀਂ ਕਿ ਚੰਗੇ ਲੋਕ ਘੱਟ ਹਨ, ਸਗੋਂ ਇਹ ਹੈ ਕਿ ਚੰਗੇ ਬਣਨ ਦੀ ਬਜਾਏ ਚੰਗੇ ਦਿਖਣ ਦੀ ਦੌੜ ਬੇਹੱਦ ਤੇਜ਼ ਹੋ ਗਈ ਹੈ। ਸੇਵਾ ਕਰਨ ਨਾਲੋਂ ਸੇਵਾ ਦਾ ਪ੍ਰਚਾਰ, ਯੋਗਤਾ ਨਾਲੋਂ ਯਾਰਬਾਜ਼ੀ ਅਤੇ ਕਿਰਦਾਰ ਨਾਲੋਂ ਕੈਮਰੇ ਅੱਗੇ ਖੜ੍ਹਨ ਦੀ ਕਲਾ ਜ਼ਿਆਦਾ ਕੀਮਤੀ ਸਮਝੀ ਜਾਣ ਲੱਗੀ ਹੈ।

ਸਮਾਜਿਕ ਅਤੇ ਰਾਜਨੀਤਿਕ ਸੰਸਥਾਵਾਂ ਦਾ ਮਕਸਦ ਸਮਾਜ ਨੂੰ ਦਿਸ਼ਾ ਦੇਣਾ ਹੁੰਦਾ ਹੈ, ਪਰ ਕੁਝ ਲੋਕ ਉਨ੍ਹਾਂ ਨੂੰ ਆਪਣੀ ਨਿੱਜੀ ਬ੍ਰਾਂਡਿੰਗ ਦੀ ਪ੍ਰਯੋਗਸ਼ਾਲਾ ਬਣਾ ਲੈਂਦੇ ਹਨ। ਨਾ ਉਨ੍ਹਾਂ ਕੋਲ ਕੋਈ ਵਿਚਾਰਧਾਰਾ ਹੁੰਦੀ ਹੈ, ਨਾ ਸਮਾਜ ਲਈ ਕੋਈ ਯੋਜਨਾ, ਨਾ ਸੰਘਰਸ਼ ਦਾ ਇਤਿਹਾਸ ਅਤੇ ਨਾ ਹੀ ਲੋਕਾਂ ਦੇ ਦੁੱਖ-ਦਰਦ ਨਾਲ ਕੋਈ ਵਾਸਤਾ। ਫਿਰ ਵੀ ਉਹ ਹਰ ਮੰਚ 'ਤੇ ਅੱਗੇ, ਹਰ ਤਸਵੀਰ ਵਿੱਚ ਵਿਚਕਾਰ ਅਤੇ ਹਰ ਪੋਸਟਰ 'ਤੇ ਆਪਣਾ ਚਿਹਰਾ ਲੱਭਦੇ ਨਜ਼ਰ ਆਉਂਦੇ ਹਨ।

ਅਜਿਹੇ ਲੋਕਾਂ ਦੀ ਸਭ ਤੋਂ ਵੱਡੀ ਯੋਗਤਾ ਇਹ ਹੁੰਦੀ ਹੈ ਕਿ ਉਹ ਹਰ ਬਦਲਦੇ ਮੌਸਮ ਨਾਲ ਆਪਣਾ ਰੰਗ ਬਦਲ ਸਕਦੇ ਹਨ। ਜਿੱਥੇ ਲਾਭ ਦਿਖਿਆ, ਉੱਥੇ ਵਫ਼ਾਦਾਰੀ; ਜਿੱਥੇ ਅਹੁਦੇ ਦੀ ਸੰਭਾਵਨਾ ਦਿਖੀ, ਉੱਥੇ ਵਿਚਾਰਧਾਰਾ; ਜਿੱਥੇ ਚਰਚਾ ਮਿਲੀ, ਉੱਥੇ ਸਿਧਾਂਤ। ਉਨ੍ਹਾਂ ਲਈ ਨਾ ਦੋਸਤੀ ਸਥਾਈ ਹੁੰਦੀ ਹੈ, ਨਾ ਸੰਸਥਾ, ਨਾ ਆਦਰਸ਼। ਸਥਾਈ ਹੁੰਦੀ ਹੈ ਤਾਂ ਕੇਵਲ ਆਪਣੀ ਤਸਵੀਰ ਅਤੇ ਆਪਣਾ ਸਵਾਰਥ।

ਇੱਥੇ ਵਿਅੰਗ ਇਹ ਹੈ ਕਿ ਜੋ ਵਿਅਕਤੀ ਆਪਣੇ ਘਰ, ਆਪਣੇ ਮੁਹੱਲੇ ਜਾਂ ਆਪਣੇ ਪਿੰਡ ਵਿੱਚ ਕੋਈ ਸਕਾਰਾਤਮਕ ਭੂਮਿਕਾ ਨਹੀਂ ਨਿਭਾ ਸਕਿਆ, ਉਹ ਦੇਸ਼ ਅਤੇ ਸਮਾਜ ਨੂੰ ਦਿਸ਼ਾ ਦੇਣ ਦੇ ਦਾਅਵੇ ਕਰਦਾ ਹੈ। ਜੋ ਦੋ ਲੋਕਾਂ ਵਿਚਕਾਰ ਭਰੋਸਾ ਨਹੀਂ ਬਣਾ ਸਕਿਆ, ਉਹ ਲੱਖਾਂ ਲੋਕਾਂ ਦੀ ਅਗਵਾਈ ਕਰਨ ਦੇ ਸੁਪਨੇ ਵੇਖਦਾ ਹੈ। ਜਿਨ੍ਹਾਂ ਦੀ ਪਛਾਣ ਸਿਰਫ਼ ਸੋਸ਼ਲ ਮੀਡੀਆ ਦੀਆਂ ਪੋਸਟਾਂ ਅਤੇ ਸੈਲਫ਼ੀਆਂ ਤੱਕ ਸੀਮਤ ਹੈ, ਉਹ ਆਪਣੇ ਆਪ ਨੂੰ ਜਨ-ਨੇਤਾ ਸਮਝਣ ਲੱਗ ਪੈਂਦੇ ਹਨ, ਭਾਵੇਂ ਓਹਨਾ ਨੇ ਕਦੀ ਵੋਟ ਵੀ ਨਾ ਪਾਈ ਹੋਵੇ

ਇਹ ਉਹ ਲੋਕ ਹਨ ਜੋ ਸੰਸਥਾ ਨੂੰ ਜ਼ਰਿਆ ਸਮਝਦੇ ਹਨ, ਮੰਜ਼ਿਲ ਨਹੀਂ। ਉਹ ਸੰਸਥਾ ਤੋਂ ਪੁੱਛਦੇ ਨਹੀਂ ਕਿ ਮੈਂ ਕੀ ਦੇ ਸਕਦਾ ਹਾਂ ? ਉਹ ਸਿਰਫ਼ ਇਹ ਸੋਚਦੇ ਹਨ ਕਿ ਮੈਨੂੰ ਕੀ ਮਿਲੇਗਾ ? ਜੇ ਅਹੁਦਾ ਮਿਲ ਗਿਆ ਤਾਂ ਵਫ਼ਾਦਾਰੀ ਦੀਆਂ ਕਸਮਾਂ, ਨਾ ਮਿਲਿਆ ਤਾਂ ਉਹੀ ਸੰਸਥਾ ਅਚਾਨਕ ਨਿਕੰਮੀ, ਭ੍ਰਿਸ਼ਟ ਜਾਂ ਬੇਕਾਰ ਘੋਸ਼ਿਤ ਕਰ ਦਿੱਤੀ ਜਾਂਦੀ ਹੈ।

ਅਜਿਹੇ ਮੌਕਾਪ੍ਰਸਤ ਕਿਰਦਾਰਾਂ ਦੀ ਇੱਕ ਹੋਰ ਖ਼ਾਸੀਅਤ ਹੈ—ਉਹ ਹਰ ਤਾਕਤਵਰ ਵਿਅਕਤੀ ਦੇ ਨੇੜੇ ਰਹਿਣਾ ਚਾਹੁੰਦੇ ਹਨ। ਉਨ੍ਹਾਂ ਨੂੰ ਨਾ ਨੀਤੀ ਨਾਲ ਮਤਲਬ ਹੁੰਦਾ ਹੈ, ਨਾ ਨੀਅਤ ਨਾਲ; ਉਨ੍ਹਾਂ ਨੂੰ ਸਿਰਫ਼ ਨੇੜਤਾ ਨਾਲ ਮਤਲਬ ਹੁੰਦਾ ਹੈ। ਕੱਲ੍ਹ ਜਿਸ ਦੀ ਵਡਿਆਈ ਦੇ ਪੁਲ ਬੰਨ੍ਹ ਰਹੇ ਹੁੰਦੇ ਹਨ, ਅੱਜ ਉਸੇ ਦੀ ਆਲੋਚਨਾ ਕਰਦੇ ਮਿਲ ਜਾਂਦੇ ਹਨ, ਜੇਕਰ ਉੱਥੋਂ ਲਾਭ ਦੀ ਸੰਭਾਵਨਾ ਖ਼ਤਮ ਹੋ ਜਾਵੇ।

ਸੰਸਥਾਵਾਂ ਲਈ ਇਸ ਤੋਂ ਵੱਡੀ ਬਦਕਿਸਮਤੀ ਹੋਰ ਕੀ ਹੋ ਸਕਦੀ ਹੈ ਕਿ ਕੁਰਬਾਨੀ ਦੇਣ ਵਾਲੇ ਪਿੱਛੇ ਰਹਿ ਜਾਣ ਅਤੇ ਚਾਪਲੂਸੀ ਕਰਨ ਵਾਲੇ ਅੱਗੇ ਨਜ਼ਰ ਆਉਣ ? ਜਦੋਂ ਅਹੁਦੇ ਯੋਗਤਾ ਦੀ ਥਾਂ ਦਿਖਾਵੇ ਦੇ ਆਧਾਰ 'ਤੇ ਵੰਡੇ ਜਾਂਦੇ ਹਨ, ਤਦੋਂ ਸੰਸਥਾਵਾਂ ਦੀ ਸਾਖ਼ ਹੌਲੀ-ਹੌਲੀ ਡਿੱਗਣ ਲੱਗਦੀ ਹੈ। ਬਾਹਰੋਂ ਇਮਾਰਤ ਭਾਵੇਂ ਸ਼ਾਨਦਾਰ ਦਿਸੇ, ਪਰ ਅੰਦਰੋਂ ਮੌਕਾਪ੍ਰਸਤ, ਠੱਗਾਂ, ਨਿਕੰਮਿਆਂ ਅਤੇ ਦੋਗਲੇ ਅਨਸਰਾਂ ਕਾਰਨ ਇਕ ਵਾਰ ਨੀਹਾਂ ਖੋਖਲਿਆਂ ਹੋ ਹੀ ਜਾਂਦੀਆਂ ਹਨ।

ਇਤਿਹਾਸ ਗਵਾਹ ਹੈ ਕਿ ਮਹਾਨ ਸੰਸਥਾਵਾਂ ਬਾਹਰੀ ਵਿਰੋਧੀਆਂ ਨਾਲ ਘੱਟ ਅਤੇ ਅੰਦਰਲੇ ਸਵਾਰਥੀਆਂ ਨਾਲ ਵੱਧ ਕਮਜ਼ੋਰ ਹੋਈਆਂ ਹਨ। ਵੈਰੀ ਸਾਹਮਣੇ ਦਿਸਦਾ ਹੈ, ਪਰ ਅਵਸਰਵਾਦੀ ਮੁਸਕਰਾ ਕੇ ਗਲੇ ਮਿਲਦਾ ਹੈ। ਉਹ ਨਾਰਿਆਂ ਵਿੱਚ ਇਨਕਲਾਬੀ, ਤਸਵੀਰਾਂ ਵਿੱਚ ਸਮਾਜਸੇਵੀ ਅਤੇ ਮੌਕੇ ਆਉਣ 'ਤੇ ਸਭ ਤੋਂ ਪਹਿਲਾਂ ਆਪਣੇ ਹਿੱਤਾਂ ਦਾ ਰਾਖਾ ਬਣ ਜਾਂਦਾ ਹੈ।

ਅੱਜ ਲੋੜ ਇਹ ਨਹੀਂ ਕਿ ਸੰਸਥਾਵਾਂ ਆਪਣੇ ਮੈਂਬਰਾਂ ਦੀ ਗਿਣਤੀ ਵਧਾਉਣ; ਲੋੜ ਇਹ ਹੈ ਕਿ ਉਹ ਆਪਣੇ ਕਿਰਦਾਰ ਦੀ ਗੁਣਵੱਤਾ ਵਧਾਉਣ। ਹਰ ਚਮਕਦਾ ਚਿਹਰਾ ਹੀਰਾ ਨਹੀਂ ਹੁੰਦਾ ਅਤੇ ਹਰ ਉੱਚੀ ਆਵਾਜ਼ ਨੇਤ੍ਰਿਤਵ ਦੀ ਨਿਸ਼ਾਨੀ ਨਹੀਂ ਹੁੰਦੀ। ਅਸਲ ਨੇਤਾ ਉਹ ਹੈ ਜੋ ਬਿਨਾਂ ਕੈਮਰੇ ਦੇ ਵੀ ਲੋਕਾਂ ਦੇ ਨਾਲ ਖੜ੍ਹਾ ਰਹੇ, ਬਿਨਾਂ ਅਹੁਦੇ ਦੇ ਵੀ ਜ਼ਿੰਮੇਵਾਰੀ ਨਿਭਾਏ ਅਤੇ ਬਿਨਾਂ ਪ੍ਰਚਾਰ ਦੇ ਵੀ ਲੋਕਾਂ ਦੇ ਦਿਲਾਂ ਵਿੱਚ ਥਾਂ ਬਣਾਏ।

ਅਖੀਰ ਵਿੱਚ ਇਹੀ ਕਿਹਾ ਜਾ ਸਕਦਾ ਹੈ ਕਿ ਚਿਹਰਾ ਚਮਕਾਉਣ ਦੀ ਹੋੜ ਵਿੱਚ ਮਾੜੇ ਕਿਰਦਾਰ, ਅਵਸਰਵਾਦੀ ਸੋਚ ਅਤੇ ਸਿਰਫ਼ ਨਿੱਜੀ ਲਾਭ ਲਈ ਕਿਸੇ ਵੀ ਸੰਸਥਾ ਵਿੱਚ ਦਾਖ਼ਲ ਹੋਣਾ ਕੇਵਲ ਉਸ ਸੰਸਥਾ ਲਈ ਹੀ ਨਹੀਂ, ਸਗੋਂ ਲੋਕਤੰਤਰਕ ਸੰਸਕਾਰਾਂ ਲਈ ਵੀ ਇੱਕ ਗੰਭੀਰ ਤ੍ਰਾਸਦੀ ਹੈ। ਸੰਸਥਾਵਾਂ ਨੂੰ ਅਜਿਹੇ ਲੋਕਾਂ ਤੋਂ ਸਾਵਧਾਨ ਰਹਿਣਾ ਹੋਵੇਗਾ, ਕਿਉਂਕਿ ਇਮਾਰਤਾਂ ਨੂੰ ਢਾਹੁਣ ਲਈ ਹਮੇਸ਼ਾ ਬਾਹਰੋਂ ਹਮਲੇ ਨਹੀਂ ਹੁੰਦਾ ਸਗੋਂ ਅੰਦਰਲੇ ਅਤੇ ਗੁੱਜੇ ਹਮਲਿਆਂ ਕਾਰਨ ਮਿਹਨਤਾਂ ਨਾਲ ਕਮਾਈ ਇੱਜ਼ਤ, ਚੜਤ ਅਤੇ ਮੂਲ ਸਿਧਾਂਤ ਭਾਵ ਸੰਸਥਾ ਦੀ ਇਮਾਰਤ ਤੱਕ ਢੇਰੀ ਹੋ ਜਾਂਦੀ ਹੈ, ਭਾਵੇਂ ਉਹ ਸੰਸਥਾ ਕਿਸੇ ਧਰਮ, ਰਾਜਨੀਤੀ ਜਾਂ ਕਿਸੇ ਵੀ ਤਰ੍ਹਾਂ ਦੀ ਹੋਵੇ।

# ਸ਼੍ਰੀ ਕਾਲੀ ਮਾਤਾ ਦੇ ਦਰਬਾਰ 'ਚ ਨਤਮਸਤਕ ਹੋਣ ਵਾਲੀ ਸੰਗਤ ਲਈ PRTC ਦੀ ਵੱਡੀ ਤਿਆਰੀ : ਹਰਪਾਲ ਜੁਨੇਜਾ



ਪਟਿਆਲਾ, 7 ਅਗਸਤ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਪਟਿਆਲਾ ਦੇ ਇਤਿਹਾਸਕ ਮਾਤਾ ਕਾਲੀ ਦੇਵੀ ਮੰਦਰ ਦੇ ਨਵੀਨੀਕਰਨ ਅਤੇ ਸੁੰਦਰੀਕਰਨ ਦਾ ਕੰਮ ਤੇਜ਼ੀ ਨਾਲ ਜਾਰੀ ਹੈ। ਦੂਰ-ਦਰਾਜ਼ ਤੋਂ ਮਾਤਾ ਕਾਲੀ ਦੇ ਦਰਬਾਰ ਵਿੱਚ ਨਤਮਸਤਕ ਹੋਣ ਲਈ ਆਉਣ ਵਾਲੀ ਸੰਗਤ ਦੀ ਸਹੂਲਤ ਲਈ ਪੀ .ਆਰ .ਟੀ ਸੀ ਵੱਲੋਂ ਵੀ ਵੱਡੀ ਤਿਆਰੀ ਕੀਤੀ ਜਾ ਰਹੀ ਹੈ।

ਚੇਅਰਮੈਨ ਹਰਪਾਲ ਜੁਨੇਜਾ ਵਲੋਂ ਅੱਜ ਵੱਖ ਵੱਖ ਹਿੰਦੂ ਜਥੇਬੰਧੀਆ ਨੂੰ ਬੁਲਾ ਕੇ ਮੰਦਿਰ ਕਮੇਟੀ ਦੇ ਚੇਅਰਮੈਨ ਸ਼੍ਰੀ ਕਮਲ ਬਾਂਸਲ ਜੀ ਨਾਲ ਮੁਲਾਕਾਤ ਕਰਵਾ ਕੇ ਹੋ ਰਹੇ ਮੰਦਿਰ ਨਿਰਮਾਣ ਬਾਰੇ ਸੁਝਾਹ ਲੀਤੇ । ਇਸ ਮੌਕੇ ਹਿੰਦੂ ਆਗੂਆਂ ਵਲੋਂ ਮੰਦਿਰ ਕਮੇਟੀ ਦੇ ਚੇਅਰਮੈਨ ਸ਼੍ਰੀ ਕਮਲ ਬਾਂਸਲ , ਸ਼੍ਰੀ ਭਗਵਾਨ ਦਾਸ ਜੁਨੇਜਾ , ਚੇਅਰਮੈਨ ਹਰਪਾਲ ਜੁਨੇਜਾ ਦਾ ਸਨਮਾਨ ਕੀਤਾ । ਹਿੰਦੂ ਆਗੂਆਂ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ ਜੀ ਅਤੇ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ੍ਰ .ਭਗਵੰਤ ਸਿੰਘ ਮਾਨ ਜੀ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਸ਼੍ਰੀ ਕਾਲੀ ਮਾਤਾ ਮੰਦਿਰ ਦੇ ਸ਼ਰਧਾਲੂਆਂ ਦੀ ਆਸਥਾ ਨੂੰ ਸਮਝਦੇ ਹੋਏ ਮੰਦਿਰ ਦਾ ਆਧੁਨਿਕ ਕਿਸਮ ਦਾ ਨਿਰਮਾਣ ਕਰਵਾਇਆ । ਚੇਅਰਮੈਨ ਜੁਨੇਜਾ ਨੇ ਕਿਹਾ ਕੇ ਮੰਦਰ ਦੇ ਮੁਕੰਮਲ ਹੋਣ ਤੋਂ ਬਾਅਦ ਪਟਿਆਲਾ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਤੋਂ ਮਿੰਨੀ ਬੱਸਾਂ ਚਲਾਈਆਂ ਜਾਣਗੀਆਂ, ਤਾਂ ਜੋ ਸ਼ਰਧਾਲੂਆਂ ਨੂੰ ਮੰਦਰ ਤੱਕ ਪਹੁੰਚਣ ਵਿੱਚ ਕੋਈ ਦਿੱਕਤ ਨਾ ਆਵੇ। ਪੀ ਆਰ ਟੀ ਸੀ ਚੇਅਰਮੈਨ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਵਿੱਚ ਮੰਦਰ ਦੇ ਵਿਕਾਸ ਕਾਰਜਾਂ ਵਿੱਚ ਵੱਡਾ ਬਦਲਾਅ ਦੇਖਣ ਨੂੰ ਮਿਲਿਆ ਹੈ। ਉਨ੍ਹਾਂ ਕਿਹਾ ਕਿ ਮੰਦਰ ਨੂੰ ਵਿਸ਼ਵ ਪੱਧਰ ਦਾ ਸੁੰਦਰ ਧਾਰਮਿਕ ਸਥਾਨ ਬਣਾਉਣ ਲਈ ਕੰਮ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਮੰਦਰ ਵਿੱਚ ਸ਼ਰਧਾਲੂਆਂ ਦੇ ਬੈਠਣ ਦੀ ਵਿਵਸਥਾ, ਲੇਜ਼ਰ ਸ਼ੋਅ, ਵੱਡਾ ਲੰਗਰ ਹਾਲ ਅਤੇ ਹੋਰ ਕਈ ਸਹੂਲਤਾਂ ਤਿਆਰ ਕੀਤੀਆਂ ਜਾ ਰਹੀਆਂ ਹਨ। ਲੰਗਰ ਹਾਲ ਵਿੱਚ ਇੱਕ ਸਮੇਂ ਕਰੀਬ 3000 ਤੋਂ 4000 ਸ਼ਰਧਾਲੂਆਂ ਲਈ ਲੰਗਰ ਦੀ ਵਿਵਸਥਾ ਹੋਵੇਗੀ।

ਹਰਪਾਲ ਜੁਨੇਜਾ ਨੇ ਕਿਹਾ ਕਿ ਮੰਦਰ ਦੇ ਮੁਕੰਮਲ ਹੋਣ ਤੋਂ ਬਾਅਦ ਵੱਡੀ ਗਿਣਤੀ ਵਿੱਚ ਸੰਗਤ ਪਟਿਆਲਾ ਪਹੁੰਚੇਗੀ। ਇਸ ਲਈ ਪੀ ਆਰ ਟੀ ਸੀ ਦੇ ਅਧਾਰੇ ਵੱਲੋਂ ਰਜਿੰਦਰਾ ਹਸਪਤਾਲ, ਸਮਾਣਾ ਚੁੰਗੀ, ਡਕਾਲਾ ਚੁੰਗੀ, ਸਨੌਰੀ ਅੱਡਾ, ਨਵਾਂ ਬੱਸ ਸਟੈਂਡ, ਪੁਰਾਣਾ ਬੱਸ ਸਟੈਂਡ ਅਤੇ ਤ੍ਰਿਪੜੀ ਸਮੇਤ ਪਟਿਆਲਾ ਦੇ ਵੱਖ-ਵੱਖ ਹਿੱਸਿਆਂ ਤੋਂ ਮਿੰਨੀ ਬੱਸਾਂ ਚਲਾਉਣ ਦੀ ਯੋਜਨਾ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਸ਼ਰਧਾਲੂਆਂ ਨੂੰ ਆਵਾਜਾਈ ਦੀ ਸਹੂਲਤ ਮਿਲੇਗੀ ਅਤੇ ਪਟਿਆਲਾ ਦੇ ਵਪਾਰ ਨੂੰ ਵੀ ਵੱਡਾ ਲਾਭ ਹੋਵੇਗਾ। ਇਸ ਫੇਰੀ ਦੌਰਾਨ ਪ੍ਰਸ਼ਾਸ਼ਨਿਕ ਅਧਿਕਾਰੀ ਐਸ .ਡੀ .ਐਮ ,ਏ ਡੀ ਸੀ , ਸਿਟੀ ਪੁਲਿਸ ਦੀ ਦੇਖ ਰੇਖ ਹੇਠ ਮੰਦਿਰ ਦੇ ਚਲ ਰਹੇ ਨਿਰਮਾਣ ਵਿਚ ਸਹਿਯੋਗ ਰਿਹਾ ।

ਇਸ ਮੌਕੇ ਵਰਿੰਦਰ ਸ਼ਰਮਾ, ਜੋਲੀ ਜੀ, ਮੋਹਿਤ ਪੰਡਿਤ, ਜਸਪਾਲ ਜਜੂ, ਰਾਜੀਵ ਗੁਪਤਾ, ਰਾਜੇਸ਼ ਕਾਕਾ ਲਿਫਟਰ, ਅਸ਼ੋਕ ਕੁਮਾਰ, ਸੰਦੀਪ ਬੰਧੂ, ਰਾਕੇਸ਼ ਕਨੋਜੀਆਂ, ਵਿਜੇ ਸਵਰਨਕਾਰ, ਰਾਕੇਸ਼ ਠਾਕੁਰ , ਮਨਦੀਪ ਲਾਰੰਸ ,ਮੁਲਤਾਨੀ ਜੀ, ਪ੍ਰਦੀਪ ਕੁਮਾਰ, ਨਵਨੀਤ ਵਾਲੀਆ, ਹਰਸ਼ ਮਦਾਨ, ਮਨਦੀਪ, ਸ਼ੇਰ ਸਿੰਘ ਸ਼ੇਰਾ ਆਪਣੇ ਸਾਥੀਆਂ ਨਾਲ ਹਾਜਰ ਸਨ।

## ਤੇਜਿੰਦਰ ਮਹਿਤਾ ਨੇ ਕੀਤਾ ਓਪਨ ਜਿਮ ਦਾ ਉਦਘਾਟਨ; ਬਾਰਾਦਰੀ ਬਾਗ ਵਿਖੇ ਐਮਸੀ ਜੱਗੀ ਦੀਆਂ ਕੋਸ਼ਿਸ਼ਾਂ ਨਾਲ ਮੰਗ ਹੋਈ ਪੂਰੀ



ਪਟਿਆਲਾ, 7 ਅਗਸਤ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਬਾਰਾਦਰੀ ਬਾਗ ਸਥਿਤ ਚਿਲਡਰਨ ਪਾਰਕ ਵਿੱਚ ਨਵੇਂ ਓਪਨ ਜਿਮ ਦਾ ਉਦਘਾਟਨ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ ਵੱਲੋਂ ਕੀਤਾ ਗਿਆ। ਬਾਰਾਦਰੀ ਬਾਗ ਵਿੱਚ ਓਪਨ ਜਿਮ ਸਥਾਪਤ ਕਰਨ ਦੀ ਮੰਗ ਸ਼ਹਿਰ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਜਨਹਿਤ ਸੰਮਤੀ ਵੱਲੋਂ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਸੀ, ਜੋ ਐਮਸੀ ਕਵਲਜੀਤ ਕੌਰ ਜੱਗੀ ਦੀਆਂ ਕੋਸ਼ਿਸ਼ਾਂ ਸਦਕਾ ਹੁਣ ਪੂਰੀ ਹੋਈ ਹੈ। ਇਹ ਓਪਨ ਜਿਮ ਚੇਅਰਮੈਨ ਤੇਜਿੰਦਰ ਮਹਿਤਾ ਵੱਲੋਂ ਜ਼ਿਲ੍ਹਾ ਯੋਜਨਾ ਕਮੇਟੀ ਰਾਹੀਂ ਉਪਲਬਧ ਕਰਵਾਏ ਗਏ ਫੰਡਾਂ ਨਾਲ ਸਥਾਪਤ ਕੀਤਾ ਗਿਆ ਹੈ।

ਇਸ ਮੌਕੇ ਤੇਜਿੰਦਰ ਮਹਿਤਾ ਨੇ ਕਿਹਾ ਕਿ ਲੋਕਾਂ ਨੂੰ ਬਿਹਤਰ ਜਨਤਕ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਸੋਚ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਲੋਕ-ਹਿੱਤ ਅਤੇ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਜ਼ਿਲ੍ਹਾ ਯੋਜਨਾ ਕਮੇਟੀ ਦੇ ਫੰਡਾਂ ਰਾਹੀਂ ਵੀ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਓਪਨ ਜਿਮ ਲੋਕਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਵਿੱਚ ਸਹਾਈ ਸਾਬਤ ਹੋਵੇਗਾ।

ਜਨਹਿਤ ਸੰਮਤੀ ਦੇ ਜਨਰਲ ਸਕੱਤਰ ਵਿਨੋਦ ਸ਼ਰਮਾ ਅਤੇ ਸੀਨੀਅਰ ਆਮ ਆਦਮੀ ਪਾਰਟੀ ਆਗੂ ਤੇ ਸਮਾਜ ਸੇਵੀ ਜਗਤਾਰ ਸਿੰਘ ਜੱਗੀ ਨੇ ਕਿਹਾ ਕਿ ਬਾਰਾਦਰੀ ਬਾਗ ਵਿੱਚ ਓਪਨ ਜਿਮ ਦੀ ਮੰਗ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਸੀ। ਉਨ੍ਹਾਂ ਕਿਹਾ ਕਿ ਇਹ ਸਹੂਲਤ ਮਿਲਣ ਨਾਲ ਪਾਰਕ ਵਿੱਚ ਸੈਰ ਅਤੇ ਕਸਰਤ ਕਰਨ ਲਈ ਆਉਣ ਵਾਲੇ ਲੋਕਾਂ ਨੂੰ ਵੱਡਾ ਲਾਭ ਮਿਲੇਗਾ।

ਐਮਸੀ ਕਵਲਜੀਤ ਕੌਰ ਜੱਗੀ ਨੇ ਤੇਜਿੰਦਰ ਮਹਿਤਾ ਅਤੇ ਜ਼ਿਲ੍ਹਾ ਯੋਜਨਾ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਾਰਾਦਰੀ ਬਾਗ ਦੇ ਚਿਲਡਰਨ ਪਾਰਕ ਵਿੱਚ ਓਪਨ ਜਿਮ ਦੀ ਸਹੂਲਤ ਮਿਲਣ ਨਾਲ ਇਲਾਕਾ ਨਿਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋਈ ਹੈ।

ਇਸ ਮੌਕੇ ਨੂੰ ਯਾਦਗਾਰ ਬਣਾਉਣ ਲਈ ਪੌਦਾਰੋਪਣ ਵੀ ਕੀਤਾ ਗਿਆ। ਤੇਜਿੰਦਰ ਮਹਿਤਾ ਅਤੇ ਹੋਰ ਪਤਵੰਤਿਆਂ ਨੇ ਪੌਦੇ ਲਗਾ ਕੇ ਵਾਤਾਵਰਨ ਦੀ ਸੰਭਾਲ ਦਾ ਸੰਦੇਸ਼ ਦਿੱਤਾ। ਇਸ ਦੇ ਨਾਲ ਹੀ ਪਾਰਕ ਵਿੱਚ ਸਾਫ਼-ਸਫ਼ਾਈ ਬਰਕਰਾਰ ਰੱਖਣ ਲਈ ਕੂੜੇਦਾਨ ਵੀ ਸਥਾਪਿਤ ਕੀਤੇ ਗਏ।

## ਪਟਿਆਲਾ ਦੇ ਪਿੰਡ ਜੱਸੋਵਾਲ ਅਤੇ ਹਿਰਦਾਪੁਰ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

ਪਟਿਆਲਾ, 7 ਅਗਸਤ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਪਟਿਆਲਾ ਦੇ ਪਿੰਡ ਜੱਸੋਵਾਲ ਅਤੇ ਹਿਰਦਾਪੁਰ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।

ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਦਿਵਿਆ ਰਾਣੀ ਬਣੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਪੁਜੀਸ਼ਨ ਹੋਲਡਰ

ਮਾਛੀਵਾੜਾ ਸਾਹਿਬ, 7 ਅਗਸਤ
-ਸ਼ਹੀਦ-ਏ-ਆਜ਼ਮ-ਬਿਊਰੋ-

ਸਰਕਾਰੀ ਕਾਲਜ ਮਾਛੀਵਾੜਾ ਸਾਹਿਬ ਪ੍ਰਿੰਸੀਪਲ ਨੰਦਿਨੀ ਵੈਦ ਦੀ ਯੋਗ ਅਗਵਾਈ ਹੇਠ ਵਿੱਦਿਅਕ ਖੇਤਰ ਵਿੱਚ ਆਪਣਾ ਵਿਸ਼ੇਸ਼ ਸਥਾਨ ਬਣਾ ਰਿਹਾ ਹੈ। ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਐਲਾਨੇ ਛੇਵੇਂ ਸਮੈਸਟਰ ਦੇ ਨਤੀਜਿਆਂ ਦੌਰਾਨ ਫੈਸ਼ਨ ਡਿਜ਼ਾਈਨਿੰਗ ਵਿਭਾਗ ਦੀ ਵਿਦਿਆਰਥਣ ਦਿਵਿਆ ਰਾਣੀ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ 'ਚੋਂ ਦੂਜਾ ਸਥਾਨ ਹਾਸਿਲ ਕੀਤਾ। ਦਿਵਿਆ ਨੇ ਪੰਜਾਬ ਯੂਨੀਵਰਸਿਟੀ ਅਤੇ ਉਸਦੇ ਨਾਲ ਸੰਬੰਧਿਤ ਕਾਲਜਾਂ ਵਿਚੋਂ 95 ਪ੍ਰਤੀਸ਼ਤ ਅੰਕ ਲੈ ਕੇ ਦੂਜਾ ਸਥਾਨ ਪ੍ਰਾਪਤ ਕੀਤਾ ਹੈ। ਇਸੇ ਵਿਭਾਗ ਦੀ ਵਿਦਿਆਰਥਣ ਜਸ਼ਨਪ੍ਰੀਤ ਕੌਰ ਨੇ 90.1 ਪ੍ਰਤੀਸ਼ਤ ਅਤੇ ਮਨਪ੍ਰੀਤ ਕੌਰ ਨੇ 89.3 ਪ੍ਰਤੀਸ਼ਤ ਅੰਕਾਂ ਨਾਲ ਕਾਲਜ ਵਿੱਚੋ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ ।







## ਰਸਮ ਪਗੜੀ



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਪੂਜਨੀਕ ਪਿਤਾ ਜੀ

**ਸਰਦਾਰ ਸੇਵਾ ਸਿੰਘ ਚੀਮਾ ਜੀ**

ਜੋ ਕਿ ਮਿਤੀ 02-08-2026, ਦਿਨ ਐਤਵਾਰ ਨੂੰ
ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਅਕਾਲ ਪੁਰਖ ਦੇ ਪਾਵਨ ਚਰਨਾਂ ਵਿੱਚ ਜਾ ਬਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

**ਸ਼ਰਧਾਂਜਲੀ ਸਭਾ ਅਤੇ ਭੋਗ**

ਮਿਤੀ 28-11-2021 ਦਿਨ ਐਤਵਾਰ ਨੂੰ
ਸਾਡੇ ਗ੍ਰਹਿ ਮਕਾਨ ਨੰ: 126, ਗਲੀ ਨੰ: 6, ਆਰ.ਕੇ.ਪੁਰਮ ਕਰਨਾਲ
ਵਿਖੇ ਪਵੇਗਾ।

**ਬ੍ਰਹਮਭੋਜ 12:00 ਵਜੇ ਤੋਂ ਸ਼ੁਰੂ**

ਆਪ ਜੀ ਨੂੰ ਸ਼ਰਧਾਂਜਲੀ ਸਭਾ ਵਿਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ

ਦੁਖੀ ਪਰਿਵਾਰ

ਗੁਰਸ਼ਰਨ ਸਿੰਘ ਚੀਮਾ (ਪੁੱਤਰ)
ਭੁਪੇਂਦਰ ਸਿੰਘ ਚੀਮਾ (ਪੁੱਤਰ)
ਦੇਵੇਂਦਰ ਸਿੰਘ ਚੀਮਾ (ਪੁੱਤਰ)

**ਸਮੂਹ ਚੀਮਾ ਪਰਿਵਾਰ**

M: 96712-39237, 97292-90016
99910-70376



# ਹਰਿਆਣਾ ਖ਼ਬਰਨਾਮਾ



## ਹਰਿਆਣਾ ਸਰਕਾਰ ਨੇ ਚੰਡੀਗੜ੍ਹ ਅਤੇ ਪੰਚਕੂਲਾ ਸਥਿਤ ਸਰਕਾਰੀ ਮਕਾਨਾਂ ਲਈ ਮੰਗੀਆਂ ਅਰਜ਼ੀਆਂ

**ਚੰਡੀਗੜ੍ਹ, 7 ਅਗਸਤ**
**-ਹਰਮਨਪ੍ਰੀਤ ਕੌਰ-**

ਹਰਿਆਣਾ ਸਰਕਾਰ ਨੇ ਚੰਡੀਗੜ੍ਹ ਅਤੇ ਪੰਚਕੂਲਾ ਸਥਿਤ ਸਰਕਾਰੀ ਮਕਾਨਾਂ ਦੀ ਅਲਾਟਮੈਂਟ ਲਈ ਆਨਲਾਈਨ ਅਰਜ਼ੀਆਂ ਸੱਦੀਆਂ ਹਨ। ਇੱਛੁਕ ਯੋਗ ਕਰਮਚਾਰੀ https://awas.haryanapwd.gov.in ਪੋਰਟਲ 'ਤੇ ਅਰਜ਼ੀ ਦੇ ਸਕਦੇ ਹਨ।

ਆਊਟ ਆਫ ਟਰਨ ਅਲਾਟਮੈਂਟ (ਮੈਡੀਕਲ ਆਧਾਰ) ਲਈ ਆਨਲਾਈਨ ਜਮ੍ਹਾਂ ਕਰਵਾਉਣ ਜਾਂ ਅਰਜ਼ੀ ਅਪਡੇਟ ਕਰਨ ਅਤੇ ਤਰਜੀਹਾਂ ਭਰਨ ਦੀ ਮਿਆਦ 12 ਅਗਸਤ, 2026 (ਰਾਤ 11.59 ਵਜੇ ਤੱਕ) ਨਿਰਧਾਰਤ ਕੀਤੀ ਗਈ ਹੈ। ਸਾਰੀਆਂ ਸ਼੍ਰੇਣੀਆਂ ਦੇ ਬਿਨੈਕਾਰਾਂ ਲਈ ਆਨਲਾਈਨ ਅਰਜ਼ੀ ਜਮ੍ਹਾਂ ਕਰਵਾਉਣ, ਅਰਜ਼ੀ ਅਪਡੇਟ ਕਰਨ ਅਤੇ ਰਿਹਾਇਸ਼ ਦੀ ਤਰਜੀਹ ਭਰਨ ਦੀ ਮਿਆਦ 24 ਅਗਸਤ, 2026 (ਰਾਤ 11.59 ਵਜੇ ਤੱਕ) ਰਹੇਗੀ। ਪੋਰਟਲ 'ਤੇ ਅਸਥਾਈ ਸਿਨਓਰਿਟੀ ਲਿਸਟ 27 ਅਗਸਤ, 2026 ਨੂੰ ਪ੍ਰਕਾਸ਼ਤ ਕੀਤੀ ਜਾਵੇਗੀ। ਇਸ ਸੂਚੀ 'ਤੇ ਇਤਰਾਜ਼ ਅਤੇ ਦਾਵੇ 31 ਅਗਸਤ ਤੋਂ 2 ਸਤੰਬਰ, 2026 (ਰਾਤ 11.59 ਵਜੇ ਤੱਕ) ਦਰਜ ਕਰਵਾਏ ਜਾ ਸਕਣਗੇ। ਅੰਤਮ ਸਿਨਓਰਿਟੀ ਲਿਸਟ 14 ਸਤੰਬਰ, 2026 ਨੂੰ ਜਾਰੀ ਕੀਤੀ ਜਾਵੇਗੀ, ਜਦੋਂ ਕਿ 25 ਸਤੰਬਰ, 2026 ਤੋਂ ਸਰਕਾਰੀ ਰਿਹਾਇਸ਼ਾਂ ਦੀ ਅਲਾਟਮੈਂਟ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ।

ਬਿਨੈਕਾਰਾਂ ਨੂੰ ਸਲਾਹ ਦਿੱਤੀ ਗਈ ਹੈ ਕਿ ਮੌਜੂਦਾ ਅਲਾਟਮੈਂਟ ਚੱਕਰ ਲਈ ਅਰਜ਼ੀ ਦੇਣ ਜਾਂ ਤਰਜੀਹ ਭਰਨ ਤੋਂ ਪਹਿਲਾਂ ਆਪਣੇ ਸਬੰਧਤ ਵਿਭਾਗ ਜਾਂ ਦਫ਼ਤਰ ਤੋਂ ਐਚ.ਆਰ.ਐਮ.ਐਸ. (ਹਿਊਮਨ ਰਿਸੋਰਸ ਮੈਨੇਜਮੈਂਟ ਸਿਸਟਮ) ਵਿੱਚ ਉਪਲਬਧ ਵੇਰਵੇ ਨੂੰ ਜ਼ਰੂਰ ਅਪਡੇਟ ਕਰਵਾ ਲੈਣ। ਬਿਨੈਕਾਰਾਂ ਦੀ ਸਿਨਓਰਿਟੀ ਲਿਸਟ ਐਚ.ਆਰ.ਐਮ.ਐਸ. ਪੋਰਟਲ ਤੋਂ ਪ੍ਰਾਪਤ ਵੇਰਵਿਆਂ ਦੇ ਆਧਾਰ 'ਤੇ ਤਿਆਰ ਕੀਤੀ ਜਾਵੇਗੀ। ਆਵਾਸ ਪੋਰਟਲ 'ਤੇ ਅਰਜ਼ੀ ਜਮ੍ਹਾਂ ਕਰਵਾਉਣ ਜਾਂ ਅਪਡੇਟ ਕਰਨ ਤੋਂ ਬਾਅਦ ਐਚ.ਆਰ.ਐਮ.ਐਸ. ਡੇਟਾ ਵਿੱਚ ਸੋਧ ਜਾਂ ਸਿਨਓਰਿਟੀ ਸੰਬੰਧੀ ਕਿਸੇ ਵੀ ਇਤਰਾਜ਼ ਜਾਂ ਦਾਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। ਇਸ ਲਈ ਬਿਨੈਕਾਰ ਖੁਦ ਜ਼ਿੰਮੇਵਾਰ ਹੋਣਗੇ।

## ਅੰਬਾਲਾ ਦੇ ਪੰਜੋਖਰਾ ਸਾਹਿਬ ਵਿੱਚ ਬਣੇਗੀ ਸੀ.ਐਚ.ਸੀ., ਰੇਵਾੜੀ ਦੇ ਸਾਂਗਵਾੜੀ ਪਿੰਡ ਵਿੱਚ ਖੁੱਲ੍ਹੇਗੀ ਨਵੀਂ ਪੀ.ਐਚ.ਸੀ.

**ਚੰਡੀਗੜ੍ਹ, 7 ਅਗਸਤ**
**-ਮਨੋਜ ਵਰਮਾ-**

ਹਰਿਆਣਾ ਸਰਕਾਰ ਨੇ ਰਾਜ ਵਿੱਚ ਸਿਹਤ ਬੁਨਿਆਦੀ ਢਾਂਚੇ ਨੂੰ ਹੋਰ ਵੱਧ ਮਜ਼ਬੂਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਚੁੱਕਿਆ ਹੈ। ਸਰਕਾਰ ਨੇ ਇੱਕ ਪ੍ਰਾਇਮਰੀ ਹੈਲਥ ਸੈਂਟਰ ਨੂੰ ਅਪਗ੍ਰੇਡ ਕਰਨ ਦੇ ਨਾਲ-ਨਾਲ ਇੱਕ ਨਵਾਂ ਪ੍ਰਾਇਮਰੀ ਹੈਲਥ ਸੈਂਟਰ ਖੋਲ੍ਹਣ ਨੂੰ ਮਨਜ਼ੂਰੀ ਪ੍ਰਦਾਨ ਕੀਤੀ ਹੈ। ਸਰਕਾਰ ਦੇ ਇਸ ਫੈਸਲੇ ਨਾਲ ਅੰਬਾਲਾ ਅਤੇ ਰੇਵਾੜੀ ਜ਼ਿਲ੍ਹਿਆਂ ਦੇ ਹਜ਼ਾਰਾਂ ਗ੍ਰਾਮੀਣਾ ਨੂੰ ਆਪਣੇ ਨੇੜਲੇ ਇਲਾਕਿਆਂ ਵਿੱਚ ਹੀ ਬਿਹਤਰ ਅਤੇ ਆਧੁਨਿਕ ਇਲਾਜ ਦੀਆਂ ਸਹੂਲਤਾਂ ਮਿਲ ਸਕਣਗੀਆਂ।

ਸੂਬੇ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 2 ਮਾਰਚ 2026 ਨੂੰ ਪੇਸ਼ ਬਜਟ ਦੌਰਾਨ ਜਨਤਾ ਨਾਲ ਜੁੜੇ ਕਈ ਅਹਿਮ ਐਲਾਨ ਕੀਤੇ ਸਨ। ਉਸ ਘੋਸ਼ਣਾ ਨੂੰ ਅਮਲੀ ਜਾਮਾ ਪਹਿਨਾਉਂਦਿਆਂ ਮੁੱਖ ਮੰਤਰੀ ਨੇ ਅੰਬਾਲਾ ਜ਼ਿਲ੍ਹੇ ਦੇ ਪੰਜੋਖਰਾ ਸਾਹਿਬ ਸਥਿਤ ਪ੍ਰਾਇਮਰੀ ਹੈਲਥ ਸੈਂਟਰ ਨੂੰ ਕਮਿਊਨਿਟੀ ਹੈਲਥ ਸੈਂਟਰ ਵਜੋਂ ਅਪਗ੍ਰੇਡ ਕਰਨ ਦੇ ਪ੍ਰਸਤਾਵ ਨੂੰ ਪ੍ਰਸ਼ਾਸਕੀ ਪ੍ਰਵਾਨਗੀ ਦੇ ਦਿੱਤੀ ਹੈ। ਇਸ ਹਸਪਤਾਲ ਦੇ ਅਪਗ੍ਰੇਡ ਹੋਣ ਨਾਲ ਪੰਜੋਖਰਾ ਸਾਹਿਬ ਅਤੇ ਆਸ-ਪਾਸ ਦੇ ਦਰਜਨਾਂ ਪਿੰਡਾਂ ਦੇ ਲੋਕਾਂ ਨੂੰ ਐਮਰਜੈਂਸੀ ਸੇਵਾਵਾਂ, ਮਾਹਰ ਡਾਕਟਰਾਂ ਅਤੇ ਬਿਹਤਰ ਇਨਡੋਰ ਮਰੀਜ਼ ਸਹੂਲਤਾਂ ਦਾ ਲਾਭ ਆਪਣੇ ਘਰ ਦੇ ਨੇੜੇ ਹੀ ਮਿਲੇਗਾ।

ਇਸ ਦੇ ਨਾਲ ਹੀ, ਸਿਹਤ ਮੰਤਰੀ ਨੇ ਦੂਜੇ ਮਹੱਤਵਪੂਰਨ ਫੈਸਲੇ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਰੇਵਾੜੀ ਜ਼ਿਲ੍ਹੇ ਦੇ ਪਿੰਡ ਸਾਂਗਵਾੜੀ ਵਿੱਚ ਇੱਕ ਨਵਾਂ ਪ੍ਰਾਇਮਰੀ ਹੈਲਥ ਸੈਂਟਰ ਖੋਲ੍ਹਣ ਨੂੰ ਵੀ ਹਰੀ ਝੰਡੀ ਦੇ ਦਿੱਤੀ ਹੈ। ਸਾਂਗਵਾੜੀ ਵਿੱਚ ਨਵੀਂ ਪੀ.ਐਚ.ਸੀ. ਖੁੱਲ੍ਹਣ ਨਾਲ ਇਸ ਖੇਤਰ ਦੇ ਗ੍ਰਾਮੀਣਾਂ ਨੂੰ ਛੋਟੀਆਂ-ਮੋਟੀਆਂ ਬਿਮਾਰੀਆਂ ਦੇ ਇਲਾਜ ਅਤੇ ਮੁੱਢਲੀ ਜਾਂਚ ਲਈ ਦੂਰ-ਦੁਰਾਡੇ ਦੇ ਸ਼ਹਿਰਾਂ ਜਾਂ ਵੱਡੇ ਹਸਪਤਾਲਾਂ ਦੇ ਚੱਕਰ ਨਹੀਂ ਕੱਟਣੇ ਪੈਣਗੇ। ਸਰਕਾਰ ਦੇ ਇਨ੍ਹਾਂ ਦੋਵਾਂ ਫੈਸਲਿਆਂ ਨਾਲ ਪੇਂਡੂ ਖੇਤਰ ਵਿੱਚ ਪ੍ਰਾਇਮਰੀ ਅਤੇ ਸੈਕੰਡਰੀ ਪੱਧਰ ਦੀਆਂ ਸਿਹਤ ਸੇਵਾਵਾਂ ਦੀ ਪਹੁੰਚ ਅਤੇ ਵੱਧ ਆਸਾਨ ਤੇ ਮਜ਼ਬੂਤ ਹੋਵੇਗੀ।

## ਬੋਲੈਰੋ ਪਲਟਣ ਕਾਰਨ ਬੱਚੀ ਦੀ ਮੌਤ; 25 ਸ਼ਰਧਾਲੂ ਜ਼ਖ਼ਮੀ; ਆਲੋਵਾਲ ਵਿੱਚ ਧਾਰਮਿਕ ਸਮਾਗਮ 'ਚ ਸ਼ਾਮਲ ਹੋਣ ਲਈ ਜਾ ਰਹੀ ਸੀ ਸੰਗਤ




**ਪਟਿਆਲਾ, 7 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਦਸੋਂ ਨੇੜੇ ਸਥਿਤ ਪਿੰਡ ਆਲੋਵਾਲ ਵਿੱਚ ਧਾਰਮਿਕ ਸਮਾਗਮ 'ਤੇ ਜਾ ਰਹੀ ਸੰਗਤ ਵਾਲੀ ਬੋਲੈਰੋ ਗੱਡੀ ਪਲਟ ਗਈ। ਇਸ ਦੌਰਾਨ ਛੇ ਸਾਲਾਂ ਬੱਚੀ ਦੀ ਮੌਤ ਹੋ ਗਈ ਜਦਕਿ 25 ਦੇ ਕਰੀਲ ਸ਼ਰਧਾਲੂ ਜ਼ਖ਼ਮੀ ਹੋ ਗਏ।

ਲੁਧਿਆਣਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਤੋਂ ਸੰਗਤ ਦੇ ਰੂਪ 'ਚ 25 ਦੇ ਕਰੀਬ ਸ਼ਰਧਾਲੂ ਬੋਲੈਰੋ ਗੱਡੀ ਰਾਹੀਂ ਭਾਦਸੋਂ ਕੋਲ਼ ਸਥਿਤ ਆਲੋਵਾਲ ਪਿੰਡ ਵਿਚਲੇ ਸਮਾਗਮ 'ਚ ਸ਼ਾਮਲ ਹੋਣ ਲਈ ਆ ਰਹੇ ਸਨ ਪਰ ਭਾਦਸੋਂ ਥਾਣੇ ਦੇ ਪਿੰਡ ਰਾਇਮਲ ਮਾਜਰੀ ਕੋਲ ਮੋੜ 'ਤੇ ਤਵਾਜ਼ਨ ਵਿਗੜਨ ਕਰਕੇ ਗੱਡੀ ਪਲਟ ਗਈ। ਇਸ ਦੌਰਾਨ ਨਵਪ੍ਰੀਤ ਕੌਰ ਨਾਮ ਦੀ ਛੇ ਸਾਲਾ ਬੱਚੀ ਦੀ ਮੌਤ ਹੋ ਗਈ ਜਦਕਿ 25 ਜਣੇ ਫੱਟੜ ਹੋ ਗਏ। ਇਨ੍ਹਾਂ ਨੂੰ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਵਿੱਚ ਦਾਖਲ ਕਰਵਾਇਆ ਗਿਆ ਹੈ। ਜ਼ਖ਼ਮੀਆਂ 'ਚ 11 ਸਾਲਾ ਸੀਰਤ ਨਾਮੀ ਬੱਚੀ ਸਮੇਤ ਮਨਜੀਤ ਕੌਰ, ਮਲਕੀਤ ਕੌਰ, ਪਰਮਜੀਤ ਕੌਰ, ਬਲਜਿੰਦਰ ਕੌਰ, ਅਮਰਜੀਤ ਕੌਰ,ਰਾਜਪਾਲ ਸਿੰਘ, ਹੀਰਾ ਸਿੰਘ, ਕੁਲਵੰਤ ਕੌਰ ਅਤੇ ਮੇਜਰ ਸਿੰਘ ਸ਼ਾਮਲ ਹਨ। ਘਟਨਾ ਦਾ ਪਤਾ ਲੱਗਣ 'ਤੇ ਇਲਾਕੇ ਦੇ ਸਮਾਜ ਸੇਵੀ ਅਮਰੀਕ ਸਿੰਘ ਭੰਗੂ ਸਮੇਤ ਹੋਰਨਾਂ ਨੇ ਜ਼ਖ਼ਮੀਆਂ ਨੂੰ ਪਟਿਆਲਾ ਹਸਪਤਾਲ ਪਹੁੰਚਾਇਆ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਵੀ ਰਾਜਿੰਦਰਾ ਹਸਪਾਤਲ ਜਾ ਕੇ ਜ਼ਖ਼ਮੀਆਂ ਦਾ ਹਾਲ-ਚਾਲ ਜਾਣਿਆ ਅਤੇ ਫੌਤ ਹੋਈ ਬੱਚੇ ਦੇ ਪਰਿਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਨੂੰ ਵੀ ਦਿਲਾਸਾ ਦਿੱਤਾ।

ਇੱਥੇ ਬਠਿੰਡਾ-ਜ਼ੀਰਕਪੁਰ ਨੈਸ਼ਨਲ ਹਾਈਵੇਅ 'ਤੇ ਨਵੇਂ ਬੱਸ ਅੱਡੇ ਨੇੜੇ ਅੱਜ ਟਰੱਕ ਦੀ ਲਪੇਟ ਵਿੱਚ ਆਉਣ ਕਾਰਨ ਨੇਹਾ ਸਿੰਗਲਾ ਵਾਸੀ ਭਵਾਨੀਗੜ੍ਹ ਦੀ ਮੌਕੇ 'ਤੇ ਮੌਤ ਹੋ ਗਈ। ਮ੍ਰਿਤਕਾ ਦੇ ਪਤੀ ਵਿਜੈ ਕੁਮਾਰ ਸਿੰਗਲਾ ਨੇ ਥਾਣਾ ਭਵਾਨੀਗੜ੍ਹ ਵਿੱਚ ਸ਼ਿਕਾਇਤ ਦਰਜ ਕਰਵਾਈ ਕਿ ਅੱਜ ਦੁਪਹਿਰ ਵੇਲੇ ਭੋਗ ਸਮਾਗਮ ਵਿੱਚ ਸ਼ਾਮਲ ਹੋਣ ਤੋਂ ਬਾਅਦ ਉਸ ਦੀ ਪਤਨੀ ਨੇਹਾ ਸਿੰਗਲਾ ਘਰ ਵੱਲ ਪੈਦਲ ਜਾ ਰਹੀ ਸੀ ਤੇ ਥੋੜ੍ਹੀ ਵਿੱਥ ਨਾਲ ਉਹ ਖੁਦ ਵੀ ਘਰ ਵੱਲ ਜਾ ਰਿਹਾ ਸੀ। ਨਵੇਂ ਬੱਸ ਸਟੈਂਡ ਨੇੜੇ ਮੁੱਖ ਮਾਰਗ 'ਤੇ ਟਰੱਕ ਨੇ ਨੇਹਾ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਇਸ ਕਾਰਨ ਉਸ ਦੀ ਮੌਤ ਹੋ ਗਈ। ਪੁਲੀਸ ਨੇ ਵਿਜੈ ਕੁਮਾਰ ਸਿੰਗਲਾ ਦੇ ਬਿਆਨ 'ਤੇ ਟਰੱਕ ਚਾਲਕ ਕ੍ਰਿਸ਼ਨ ਵਾਸੀ ਪੰਨਵਾਂ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ।

## 'ਹਰ ਬੂਥ, ਕਾਂਗਰਸ ਮਜ਼ਬੂਤ' ਮੁਹਿੰਮ ਨੂੰ ਲੁਧਿਆਣਾ ਵਿੱਚ ਭਰਵਾਂ ਹੁੰਗਾਰਾ, ਅਨੁਸ਼ਾਸਨਹੀਣਤਾ 'ਤੇ ਸਖ਼ਤ ਕਾਰਵਾਈ ਦੀ ਚੇਤਾਵਨੀ

**ਲੁਧਿਆਣਾ, 7 ਅਗਸਤ**
**-ਜਗਮੇਲ ਸਿੰਘ ਢਿਲੋਂ-**

'ਹਰ ਬੂਥ, ਕਾਂਗਰਸ ਮਜ਼ਬੂਤ' ਮੁਹਿੰਮ ਤਹਿਤ ਗੁਰੂ ਨਾਨਕ ਭਵਨ, ਲੁਧਿਆਣਾ ਵਿਖੇ ਆਯੋਜਿਤ ਵਿਸ਼ਾਲ ਵਰਕਰ ਸੰਮੇਲਨ ਨੂੰ ਭਰਵਾਂ ਹੁੰਗਾਰਾ ਮਿਲਿਆ, ਜਿਸ ਵਿੱਚ ਹਜ਼ਾਰਾਂ ਕਾਂਗਰਸੀ ਵਰਕਰਾਂ ਨੇ ਸ਼ਮੂਲੀਅਤ ਕੀਤੀ। ਪ੍ਰੋਗਰਾਮ ਦੌਰਾਨ ਕੁਝ ਵਿਘਨ ਪਾਉਣ ਦੀਆਂ ਕੋਸ਼ਿਸ਼ਾਂ ਦੇ ਬਾਵਜੂਦ ਸਮਾਗਮ ਕਰੀਬ ਦੋ ਘੰਟੇ ਤੱਕ ਸੁਚਾਰੂ ਢੰਗ ਨਾਲ ਚੱਲਿਆ। ਸਮਾਗਮ ਨੂੰ ਸੰਬੋਧਨ ਕਰਦਿਆਂ 1933 ਦੇ ਪੰਜਾਬ ਇੰਚਾਰਜ ਅਤੇ ਜਨਰਲ ਸਕੱਤਰ ਭੂਪੇਸ਼ ਬਘੇਲ ਨੇ ਸਪੱਸ਼ਟ ਕੀਤਾ ਕਿ ਕਾਂਗਰਸ ਵਿੱਚ ਅਨੁਸ਼ਾਸਨਹੀਣਤਾ ਲਈ ਕੋਈ ਥਾਂ ਨਹੀਂ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਪ੍ਰੋਗਰਾਮਾਂ ਵਿੱਚ ਵਿਘਨ ਪਾਉਣ ਵਾਲਿਆਂ ਦੀ ਪਛਾਣ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਕਿਸੇ ਨੂੰ ਵੀ ਬਖ਼ਸ਼ਿਆ ਨਹੀਂ ਜਾਵੇਗਾ। ਬਘੇਲ ਨੇ ਕਿਹਾ ਕਿ ਕਾਂਗਰਸ ਦੇ ਬਾਹਰੀ ਵਿਰੋਧੀਆਂ ਦੇ ਨਾਲ-ਨਾਲ ਪਾਰਟੀ ਅੰਦਰ ਸਰਗਰਮ ਸਲੀਪਰ ਸੈੱਲਾਂ ਅਤੇ ਅੰਦਰੂਨੀ ਸਾਜ਼ਿਸ਼ਕਾਰਾਂ ਦੀ ਵੀ ਪਛਾਣ ਕਰਕੇ ਉਨ੍ਹਾਂ ਨੂੰ ਪਾਰਟੀ ਤੋਂ ਬਾਹਰ ਕੀਤਾ ਜਾਵੇਗਾ।

## ਐਚ.ਐਸ.ਐਸ.ਸੀ. ਦਾ ਸਾਲਾਨਾ ਭਰਤੀ ਕੈਲੰਡਰ ਜਲਦੀ ਹੋਵੇਗਾ ਜਾਰੀ, ਨੌਜਵਾਨਾਂ ਨੂੰ ਭਰਤੀ ਪ੍ਰਕਿਰਿਆ ਦੀ ਸਮਾਂਬੱਧ ਜਾਣਕਾਰੀ ਮਿਲੇਗੀ : ਮੁੱਖ ਮੰਤਰੀ

### ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਨੌਜਵਾਨਾਂ ਨਾਲ ਕੀਤਾ ਸਿੱਧਾ ਸੰਵਾਦ, ਭਰਤੀ ਪ੍ਰਕਿਰਿਆ ਨੂੰ ਹੋਰ ਪਾਰਦਰਸ਼ੀ, ਸਰਲ ਅਤੇ ਉਮੀਦਵਾਰ ਹਿਤੇਸ਼ੀ ਬਣਾਉਣ ਦੀ ਵਚਨਬੱਧਤਾ ਦੂਹਰਾਈ

**ਚੰਡੀਗੜ੍ਹ 7 ਅਗਸਤ**
**-ਛਤਰਪਾਲ ਸਿੰਘ-**





ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰਾਜ ਸਰਕਾਰ ਨੌਜਵਾਨਾਂ ਦੇ ਸੁਝਾਵਾਂ ਨੂੰ ਗੰਭੀਰਤਾ ਨਾਲ ਲੈ ਕੇ ਭਰਤੀ ਪ੍ਰਕਿਰਿਆ ਨੂੰ ਹੋਰ ਪਾਰਦਰਸ਼ੀ, ਸਮਾਂਬੱਧ ਅਤੇ ਉਮੀਦਵਾਰ ਹਿਤੇਸ਼ੀ ਬਣਾਉਣ ਦੀ ਦਿਸ਼ਾ ਵਿੱਚ ਲਗਾਤਾਰ ਕਾਰਜ ਕਰ ਰਹੀ ਹੈ। ਇਸੇ ਲੜੀ ਵਿੱਚ ਹਰਿਆਣਾ ਕਰਮਚਾਰੀ ਚੋਣ ਕਮਿਸ਼ਨ (ਐਚ.ਐਸ.ਐਸ.ਸੀ.) ਦਾ ਸਾਲਾਨਾ ਭਰਤੀ ਕੈਲੰਡਰ ਤਿਆਰ ਕੀਤਾ ਜਾ ਰਿਹਾ ਹੈ, ਜਿਸਨੂੰ ਜਲਦੀ ਜਾਰੀ ਕੀਤਾ ਜਾਵੇਗਾ। ਇਸ ਨਾਲ ਉਮੀਦਵਾਰਾਂ ਨੂੰ ਸਾਲ ਭਰ ਦੀ ਭਰਤੀ ਪ੍ਰਕਿਰਿਆ, ਅਰਜ਼ੀ, ਪ੍ਰੀਖਿਆ, ਨਤੀਜਾ ਅਤੇ ਨਿਯੁਕਤੀ ਦੀ ਸੰਭਾਵਿਤ ਸਮਾਂ-ਸੀਮਾ ਦੀ ਪਹਿਲਾਂ ਤੋਂ ਜਾਣਕਾਰੀ ਮਿਲ ਸਕੇਗੀ ਅਤੇ ਉਹ ਆਪਣੀ ਤਿਆਰੀ ਬਿਹਤਰ ਢੰਗ ਨਾਲ ਕਰ ਸਕਣਗੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੀਰਵਾਰ ਨੂੰ ਸੋਨੀਪਤ ਵਿੱਚ ਛਾਤਰ ਸੰਵਾਦ ਮੁੱਖ ਮੰਤਰੀ ਦੇ ਨਾਲ ਪ੍ਰੋਗਰਾਮ ਵਿੱਚ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਨੌਜਵਾਨਾਂ ਨੂੰ ਉਨ੍ਹਾਂ ਦੇ ਸੁਆਲਾਂ ਦਾ ਜਵਾਬ ਦੇ ਰਹੇ ਸਨ। ਇਸ ਦੌਰਾਨ ਮੁੱਖ ਮੰਤਰੀ ਨੇ ਇੱਕ-ਇੱਕ ਕਰਕੇ ਵਿਦਿਆਰਥੀ ਦੇ ਸੁਆਲਾਂ ਦਾ ਜਵਾਬ ਦਿੰਦਿਆਂ ਉਨ੍ਹਾਂ ਦੀਆਂ ਸ਼ੰਕਾਵਾਂ ਨੂੰ ਦੂਰ ਕੀਤਾ। ਨਾਲ ਹੀ ਉਨ੍ਹਾਂ ਦੇ ਸੁਝਾਵਾਂ 'ਤੇ ਵੀ ਸਕਾਰਾਤਮਕ ਕਦਮ ਚੁੱਕਣ ਦਾ ਭਰੋਸਾ ਦਿੱਤਾ।

ਸੰਵਾਦ ਦੌਰਾਨ ਵਿਦਿਆਰਥੀ ਅੰਜਲੀ ਨੇ ਐਚ.ਐਸ.ਐਸ.ਸੀ. ਦਾ ਸਾਲਾਨਾ ਭਰਤੀ ਕੈਲੰਡਰ ਜਾਰੀ ਕਰਨ ਦਾ ਸੁਝਾਅ ਦਿੱਤਾ। ਇਸ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਲੋਕ ਸੇਵਾ ਆਯੋਗ (ਐਚ.ਪੀ.ਐਸ.ਸੀ.) ਦਾ ਸਾਲਾਨਾ ਕੈਲੰਡਰ ਪਹਿਲਾਂ ਹੀ ਜਾਰੀ ਕੀਤਾ ਜਾ ਚੁੱਕਾ ਹੈ ਅਤੇ ਹੁਣ ਐਚ.ਐਸ.ਐਸ.ਸੀ. ਦਾ ਸਾਲਾਨਾ ਭਰਤੀ ਕੈਲੰਡਰ ਵੀ ਤਿਆਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੁਝ ਭਰਤੀਆਂ ਕਰਮਚਾਰੀਆਂ ਦੇ ਸੇਵਾਮੁਕਤ ਹੋਣ ਨਾਲ ਜੁੜੀਆਂ ਹੁੰਦੀਆਂ ਹਨ, ਇਸ ਲਈ ਸਾਰੇ ਪਹਿਲੂਆਂ ਨੂੰ ਧਿਆਨ ਵਿੱਚ ਰੱਖ ਕੇ ਵਿਵਸਥਿਤ ਕੈਲੰਡਰ ਤਿਆਰ ਕੀਤਾ ਜਾ ਰਿਹਾ ਹੈ। ਇਸ ਨਾਲ ਨੌਜਵਾਨਾਂ ਨੂੰ ਭਰਤੀ ਪ੍ਰਕਿਰਿਆ ਦੀ ਪੂਰਵ ਜਾਣਕਾਰੀ ਮਿਲੇਗੀ ਅਤੇ ਉਹ ਆਪਣੀ ਤਿਆਰੀ ਹੋਰ ਵਧੀਆ ਢੰਗ ਨਾਲ ਕਰ ਸਕਣਗੇ।

ਵਿਦਿਆਰਥੀ ਨੀਰਜ ਨੇ ਸੀ.ਈ.ਟੀ. ਦੇ ਆਧਾਰ 'ਤੇ ਵੱਖ-ਵੱਖ ਭਰਤੀਆਂ ਵਿੱਚ ਯੋਗਤਾ ਅਤੇ ਭਰਤੀ ਪ੍ਰੀਖਿਆਵਾਂ ਦੇ ਸਪੱਸ਼ਟ ਸਿਲੇਬਸ ਦੇ ਸੰਬੰਧ ਵਿੱਚ ਆਪਣੀ ਉਤਸੁਕਤਾ ਪ੍ਰਗਟ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਸੀ.ਈ.ਟੀ. ਲਾਗੂ ਕਰਨ ਦਾ ਉਦੇਸ਼ ਨੌਜਵਾਨਾਂ ਨੂੰ ਵਾਰ-ਵਾਰ ਮੁੱਢਲੀਆਂ ਪ੍ਰੀਖਿਆਵਾਂ ਦੇਣ ਦੀ ਪਰੇਸ਼ਾਨੀ ਤੋਂ ਰਾਹਤ ਦੇਣਾ ਅਤੇ ਭਰਤੀ ਪ੍ਰਕਿਰਿਆ ਨੂੰ ਸਰਲ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪ੍ਰੀਖਿਆ ਦੌਰਾਨ ਟਰਾਂਸਪੋਰਟ, ਸੁਰੱਖਿਆ ਅਤੇ ਹੋਰ ਵਿਵਸਥਾਵਾਂ ਨੂੰ ਬਿਹਤਰ ਬਣਾ ਕੇ ਉਮੀਦਵਾਰਾਂ ਦੀ ਸਹੂਲਤ ਯਕੀਨੀ ਬਣੇ। ਉਨ੍ਹਾਂ ਕਿਹਾ ਕਿ ਸੀ.ਈ.ਟੀ. ਰਾਹੀਂ ਨੌਜਵਾਨਾਂ ਨੂੰ ਵੱਖ-ਵੱਖ ਭਰਤੀਆਂ ਵਿੱਚ ਮੌਕਾ ਮਿਲ ਰਿਹਾ ਹੈ ਅਤੇ ਇਸਦੀ ਪ੍ਰਕਿਰਿਆ ਅਤੇ ਦਾਇਰੇ ਨੂੰ ਹੋਰ ਵੱਧ ਸਪੱਸ਼ਟ ਅਤੇ ਵਿਵਸਥਿਤ ਬਣਾਉਣ ਦੀ ਦਿਸ਼ਾ ਵਿੱਚ ਵੀ ਸਰਕਾਰ ਕਾਰਜ ਕਰ ਰਹੀ ਹੈ।

ਵਿਦਿਆਰਥੀ ਤਨੁਜ ਨੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਲਈ ਬੱਸ ਪਾਸ ਦੀ ਸੁਵਿਧਾ ਉਪਲਬਧ ਕਰਾਉਣ ਦਾ ਸੁਝਾਅ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਪਹਿਲਾਂ ਹੀ ਵਿਦਿਆਰਥੀਆਂ ਲਈ ਅਨੇਕਾਂ ਸਹੂਲਤਾਂ ਉਪਲਬਧ ਕਰਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਰੋਜ਼ਾਨਾ ਕੋਚਿੰਗ ਸੰਸਥਾਨਾਂ ਵਿੱਚ ਆਉਣ-ਜਾਣ ਵਾਲੇ ਵਿਦਿਆਰਥੀਆਂ ਦੀਆਂ ਜ਼ਰੂਰਤਾਂ ਨੂੰ ਵੀ ਸਰਕਾਰ ਸਮਝਦੀ ਹੈ। ਇਸ ਸੁਝਾਅ 'ਤੇ ਸਕਾਰਾਤਮਕ ਦ੍ਰਿਸ਼ਟੀਕੋਣ ਤੋਂ ਵਿਚਾਰ ਕੀਤਾ ਜਾਵੇਗਾ, ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਵਿਦਿਆਰਥੀਆਂ ਨੂੰ ਰਾਹਤ ਮਿਲ ਸਕੇ।

ਵਿਦਿਆਰਥੀ ਸੋਨੂੰ ਨੇ ਕੋਚਿੰਗ ਫੀਸ 'ਤੇ ਜੀ.ਐਸ.ਟੀ. ਸਮਾਪਤ ਕਰਨ ਦਾ ਸੁਝਾਅ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਸਕੂਲ, ਕਾਲਜ ਅਤੇ ਯੂਨੀਵਰਸਿਟੀ ਪਹਿਲਾਂ ਹੀ ਜੀ.ਐਸ.ਟੀ. ਦੇ ਦਾਇਰੇ ਤੋਂ ਬਾਹਰ ਹਨ, ਜਦੋਂ ਕਿ ਕੋਚਿੰਗ ਸੰਸਥਾਨਾਂ 'ਤੇ ਜੀ.ਐਸ.ਟੀ. ਦਾ ਵਿਸ਼ਾ ਜੀ.ਐਸ.ਟੀ. ਪਰਿਸ਼ਦ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ। ਉਨ੍ਹਾਂ ਕਿਹਾ ਕਿ ਉਹ ਖੁਦ ਜੀ.ਐਸ.ਟੀ. ਪਰਿਸ਼ਦ ਦੇ ਮੈਂਬਰ ਹਨ ਅਤੇ ਵਿਦਿਆਰਥੀਆਂ ਦੇ ਇਸ ਸੁਝਾਅ ਨੂੰ ਪਰਿਸ਼ਦ ਦੇ ਸਮੁੱਖ ਜ਼ਰੂਰ ਰੱਖਣਗੇ।

ਵਿਦਿਆਰਥੀ ਮੁਸਕਾਨ ਨੇ ਆਨਲਾਈਨ ਭਰਤੀ ਪ੍ਰੀਖਿਆਵਾਂ ਵਿੱਚ ਪੇਪਰ ਲੀਕ, ਸਰਵਰ ਡਾਊਨ ਅਤੇ ਤਕਨੀਕੀ ਗੜਬੜੀਆਂ ਨਾਲ ਉਮੀਦਵਾਰਾਂ ਨੂੰ ਹੋਣ ਵਾਲੀਆਂ ਪਰੇਸ਼ਾਨੀਆਂ ਵੱਲ ਧਿਆਨ ਖਿੱਚਿਆ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਿਹਨਤੀ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਿਸੇ ਵੀ ਕੀਮਤ 'ਤੇ ਸਵੀਕਾਰ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰ ਨੇ ਪੇਪਰ ਲੀਕ ਦੇ ਖ਼ਿਲਾਫ਼ ਸਖ਼ਤ ਕਾਨੂੰਨ ਬਣਾਏ ਹਨ, ਜਿਨ੍ਹਾਂ ਵਿੱਚ ਸਖਤ ਸਜ਼ਾ ਅਤੇ ਭਾਰੀ ਜੁਰਮਾਨੇ ਦਾ ਪ੍ਰਾਵਧਾਨ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਭਰਤੀ ਪ੍ਰਕਿਰਿਆ ਦੀ ਪਾਰਦਰਸ਼ਤਾ ਬਣਾਏ ਰੱਖਣ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਲਈ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ।

ਵਿਦਿਆਰਥੀ ਵਰਸ਼ਾ ਨੇ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਪ੍ਰਤਿਭਾਵਾਨ ਵਿਦਿਆਰਥੀਆਂ ਲਈ ਕੋਚਿੰਗ ਸਕਾਲਰਸ਼ਿਪ ਯੋਜਨਾ ਲਾਗੂ ਕਰਨ ਦਾ ਸੁਝਾਅ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਪਹਿਲਾਂ ਹੀ ਵਿਦਿਆਰਥੀ-ਵਿਦਿਆਰਥਣਾਂ ਲਈ ਅਨੇਕਾਂ ਭਲਾਈ ਯੋਜਨਾਵਾਂ ਚਲਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਲੋੜਵੰਦ ਵਿਦਿਆਰਥੀਆਂ ਨੂੰ ਸਹਾਇਤਾ ਉਪਲਬਧ ਕਰਾਉਣ ਦੇ ਇਸ ਸੁਝਾਅ 'ਤੇ ਵੀ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇਗਾ।

ਵਿਦਿਆਰਥੀ ਨਿਤਿਨ ਨੇ ਸਰਕਾਰੀ ਭਰਤੀਆਂ ਵਿੱਚ ਸਮਾਂਬੱਧ ਵੇਟਿੰਗ ਲਿਸਟ ਜਾਰੀ ਕਰਨ ਦਾ ਸੁਝਾਅ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਚੁਣੇ ਗਏ ਉਮੀਦਵਾਰ ਨਿਰਧਾਰਤ ਸਮੇਂ ਵਿੱਚ ਕਾਰਜਭਾਰ ਗ੍ਰਹਿਣ ਨਹੀਂ ਕਰਦੇ ਹਨ ਤਾਂ ਖਾਲੀ ਅਹੁਦਿਆਂ ਨੂੰ ਜਲਦੀ ਭਰਨ ਲਈ ਵੇਟਿੰਗ ਲਿਸਟ ਜਾਰੀ ਕਰਨਾ ਇੱਕ ਪ੍ਰਭਾਵੀ ਵਿਵਸਥਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਸ ਵਿਵਸਥਾ ਨੂੰ ਹੋਰ ਵੱਧ ਮਜ਼ਬੂਤ ਬਣਾਉਣ ਦੀ ਦਿਸ਼ਾ ਵਿੱਚ ਕਾਰਜ ਕਰ ਰਹੀ ਹੈ, ਤਾਂ ਜੋ ਯੋਗ ਉਮੀਦਵਾਰਾਂ ਨੂੰ ਸਮੇਂ 'ਤੇ ਮੌਕਾ ਮਿਲ ਸਕੇ। ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਅਪੀਲ ਕੀਤਾ ਕਿ ਉਹ ਪੂਰੀ ਨਿਸ਼ਠਾ, ਆਤਮਵਿਸ਼ਵਾਸ ਅਤੇ ਸਕਾਰਾਤਮਕ ਸੋਚ ਨਾਲ ਆਪਣੀ ਤਿਆਰੀ ਜਾਰੀ ਰੱਖਣ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਪਾਰਦਰਸ਼ੀ, ਨਿਰਪੱਖ ਅਤੇ 'ਬਿਨਾਂ ਪਰਚੀ, ਬਿਨਾਂ ਖਰਚੀ' ਦੀ ਭਰਤੀ ਵਿਵਸਥਾ ਨੂੰ ਹੋਰ ਵੱਧ ਮਜਬੂਤ ਬਣਾਉਣ ਲਈ ਲਗਾਤਾਰ ਕਾਰਜ ਕਰ ਰਹੀ ਹੈ ਅਤੇ ਹਰੇਕ ਯੋਗ ਨੌਜਵਾਨ ਨੂੰ ਉਸਦੀ ਮਿਹਨਤ ਅਤੇ ਪ੍ਰਤਿਭਾ ਦੇ ਆਧਾਰ 'ਤੇ ਅੱਗੇ ਵਧਣ ਦਾ ਮੌਕਾ ਦੇਣ ਲਈ ਵਚਨਬੱਧ ਹੈ।

## ਵਿਦਿਆਰਥੀਆਂ ਤੇ ਆਮ ਲੋਕਾਂ ਨੇ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਅਤੇ ਨਗਰ ਨਿਗਮ ਨਾਲ ਮਿਲ ਕੇ ਪਟਿਆਲਾ ਦੀਆਂ ਪੰਜ ਪ੍ਰਮੁੱਖ ਸੜਕਾਂ ਦੀ ਸਫ਼ਾਈ ਕੀਤੀ

**ਪਟਿਆਲਾ, 7 ਅਗਸਤ**
**-ਜੀ. ਐਸ. ਤੁੰਗ-**



ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਨਗਰ ਨਿਗਮ, ਪਟਿਆਲਾ ਦੇ ਸਹਿਯੋਗ ਨਾਲ ਆਪਣੀ ਵਡਮੁੱਲੀ ਮੁਹਿੰਮ 'ਮਿਸ਼ਨ ਕਲੀਨ ਪਟਿਆਲਾ' ਤਹਿਤ ਨਾਭਾ ਰੋਡ, ਇਨਕਮ ਟੈਕਸ ਰੋਡ, ਜੇਲ੍ਹ-ਭਾਦਸੋਂ ਰੋਡ, ਘੁੰਮਣ ਰੋਡ ਅਤੇ ਪ੍ਰਤਾਪ ਨਗਰ ਰੋਡ 'ਤੇ ਸਫ਼ਾਈ ਮੁਹਿੰਮ ਚਲਾਈ।ਇਸ ਦੌਰਾਨ ਇਨ੍ਹਾਂ ਪੰਜ ਸੜਕਾਂ ਤੋਂ ਛੇ ਸੰਸਥਾਵਾਂ ਵੱਲੋਂ ਲਗਭਗ 1700 ਕਿਲੋਗ੍ਰਾਮ ਕੂੜਾ ਇਕੱਠਾ ਕੀਤਾ ਗਿਆ। ਇਸ ਮੁਹਿੰਮ ਵਿੱਚ ਬਲਾਸਮ ਸੀਨੀਅਰ ਸੈਕੰਡਰੀ ਸਕੂਲ, ਸੇਂਟ ਪੀਟਰਜ਼ ਸਕੂਲ, ਸਿਵਲ ਲਾਈਨ ਸਕੂਲ ਅਤੇ ਮਾਤਾ ਸਾਹਿਬ ਕੌਰ ਖ਼ਾਲਸਾ ਗਰਲਜ਼ ਕਾਲਜ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਤੋਂ ਇਲਾਵਾ ਪੰਜਾਬ ਜੇਲ੍ਹ ਟ੍ਰੇਨਿੰਗ ਸਕੂਲ ਪਟਿਆਲਾ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀਆਂ ਟੀਮਾਂ ਵੀ ਇਸ ਮੁਹਿੰਮ ਨਾਲ ਜੁੜੀਆਂ। ਪਟਿਆਲਾ ਨੂੰ ਸਾਫ਼-ਸੁਥਰਾ ਰੱਖਣ ਲਈ ਸਮਰਪਿਤ ਸਵੈ-ਸੇਵੀ ਨਾਗਰਿਕ ਸੰਸਥਾ ਮੇਰਾ ਪਟਿਆਲਾ ਮੈਂ ਹੀ ਸਵਾਰਾਂ ਦੇ ਮੈਂਬਰਾਂ ਨੇ ਵੀ ਭਾਦਸੋਂ ਰੋਡ ਅਤੇ ਨਾਭਾ ਰੋਡ 'ਤੇ ਸਫ਼ਾਈ ਮੁਹਿੰਮ ਵਿੱਚ ਹਿੱਸਾ ਲਿਆ। 'ਮਿਸ਼ਨ ਕਲੀਨ ਪਟਿਆਲਾ' ਮੁਹਿੰਮ ਦੀ ਸ਼ੁਰੂਆਤ ਕਰਦੇ ਹੋਏ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਚੇਅਰਪਰਸਨ ਸ੍ਰੀਮਤੀ ਰੀਨਾ ਗੁਪਤਾ ਨੇ ਕਿਹਾ, ਅਪ੍ਰੈਲ 2026 ਵਿੱਚ ਸ਼ੁਰੂ ਕੀਤਾ ਗਿਆ ਮਿਸ਼ਨ ਕਲੀਨ ਪਟਿਆਲਾ ਹੁਣ ਇੱਕ ਸ਼ਹਿਰ-ਪੱਧਰੀ ਜਨ ਅੰਦੋਲਨ ਦਾ ਰੂਪ ਧਾਰ ਚੁੱਕਾ ਹੈ। ਮੁਹਿੰਮ ਦੇ ਪਹਿਲੇ ਪੜਾਅ ਵਿੱਚ ਲਗਭਗ 30 ਸੰਸਥਾਵਾਂ ਨੇ ਭਾਗ ਲੈਂਦਿਆਂ 30 ਤੋਂ ਵੱਧ ਜਨਤਕ ਸਥਾਨਾਂ ਨੂੰ ਸਫ਼ਾਈ ਅਤੇ ਵਾਤਾਵਰਣ ਸੰਭਾਲ ਲਈ ਗੋਦ ਲਿਆ। ਇਨ੍ਹਾਂ ਵਿੱਚ 18 ਸਕੂਲ, 10 ਕਾਲਜ ਅਤੇ ਪਟਿਆਲਾ ਸ਼ਹਿਰ ਦੀਆਂ ਚਾਰ ਸਰਕਾਰੀ ਸੰਸਥਾਵਾਂ ਸ਼ਾਮਲ ਹਨ। ਜੁਲਾਈ 2026 ਵਿੱਚ ਸ਼ੁਰੂ ਹੋਏ ਦੂਜੇ ਪੜਾਅ ਦੌਰਾਨ ਹੋਰ ਪੰਜ ਸੰਸਥਾਵਾਂ ਇਸ ਅਭਿਆਨ ਨਾਲ ਜੁੜੀਆਂ, ਜਿਸ ਨਾਲ ਭਾਗ ਲੈਣ ਵਾਲੀਆਂ ਸੰਸਥਾਵਾਂ ਦੀ ਕੁੱਲ ਗਿਣਤੀ 37 ਹੋ ਗਈ ਹੈ। ਚੇਅਰਪਰਸਨ ਰੀਨਾ ਗੁਪਤਾ ਨੇ ਅੱਗੇ ਦੱਸਿਆ ਕਿ ਸਭ ਤੋਂ ਸਾਫ਼ ਸ਼ਹਿਰ ਉਹੀ ਹੁੰਦੇ ਹਨ ਜਿੱਥੇ ਹਰ ਨਾਗਰਿਕ ਆਪਣੇ ਘਰ, ਦਫ਼ਤਰ ਜਾਂ ਸੰਸਥਾ ਦੇ ਬਾਹਰ ਦੀ ਸੜਕ ਨੂੰ ਆਪਣੀ ਜ਼ਿੰਮੇਵਾਰੀ ਸਮਝਦਾ ਹੈ। ਅਸੀਂ ਪਟਿਆਲਾ ਦੀਆਂ ਪ੍ਰਮੁੱਖ ਸੰਸਥਾਵਾਂ, ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਅਤੇ ਸਮੁਦਾਇਕ ਸਮੂਹਾਂ ਨੂੰ ਇਸ ਮੁਹਿੰਮ ਨਾਲ ਜੋੜਿਆ ਹੈ। ਜੇਕਰ ਹਰ ਸੰਸਥਾ ਇੱਕ ਜਨਤਕ ਸਥਾਨ ਨੂੰ ਗੋਦ ਲੈ ਕੇ ਹਰ ਮਹੀਨੇ ਕੁਝ ਘੰਟੇ ਇਸ ਦੀ ਸਫ਼ਾਈ ਲਈ ਸਮਰਪਿਤ ਕਰੇ, ਤਾਂ ਅਸੀਂ ਇੱਕ ਹੋਰ ਸਾਫ਼-ਸੁਥਰਾ, ਸਿਹਤਮੰਦ ਅਤੇ ਰਹਿਣ-ਯੋਗ ਪੰਜਾਬ ਤਿਆਰ ਕਰ ਸਕਦੇ ਹਾਂ। ਚੇਅਰਪਰਸਨ ਨੇ ਸਾਰੀਆਂ ਸਮਾਜਿਕ ਸੰਸਥਾਵਾਂ ਅਤੇ ਗੈਰ-ਸਰਕਾਰੀ ਸੰਗਠਨਾਂ (ਐਨਜੀਓਜ਼) ਨੂੰ ਵੀ ਇਸ ਮੁਹਿੰਮ ਨਾਲ ਜੁੜਨ ਦੀ ਅਪੀਲ ਕੀਤੀ। ਜਿਕਰਯੋਗ ਹੈ ਕਿ ਮਿਸ਼ਨ ਕਲੀਨ ਪਟਿਆਲਾ ਦੀ ਸ਼ੁਰੂਆਤ ਤੋਂ ਬਾਅਦ ਹੁਣ ਤੱਕ 700 ਤੋਂ ਵੱਧ ਭਾਗੀਦਾਰਾਂ ਨੇ ਆਪਣੇ-ਆਪਣੇ ਸੰਸਥਾਨਾਂ ਦੇ ਨੇੜੇ ਲਗਭਗ 29 ਸਫ਼ਾਈ ਅਤੇ ਜਾਗਰੂਕਤਾ ਮੁਹਿੰਮਾਂ ਵਿੱਚ ਹਿੱਸਾ ਲਿਆ ਹੈ। ਇਸ ਵਿੱਚ 20 ਸਿੱਖਿਆ ਸੰਸਥਾਵਾਂ-ਥਾਪਰ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਸਰਕਾਰੀ ਸੀਨੀਅਰ ਸੈਕੰਡਰੀ ਸਿਵਲ ਲਾਈਨਜ਼ ਸਕੂਲ, ਸਰਕਾਰੀ ਆਈਟੀਆਈ ਕਾਲਜ, ਮੁਲਤਾਨੀ ਮਾਲ ਮੋਦੀ ਕਾਲਜ, ਡੀਏਵੀ ਪਬਲਿਕ ਸਕੂਲ, ਮਾਤਾ ਸਾਹਿਬ ਕੌਰ ਖਾਲਸਾ ਗਰਲਜ਼ ਕਾਲਜ, ਬੁੱਢਾ ਦਲ ਪਬਲਿਕ ਸਕੂਲ, ਸਰਕਾਰੀ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ, ਕੈਂਟਲ ਸੀਨੀਅਰ ਸਕੂਲ, ਸਰਕਾਰੀ ਸਟੇਟ ਕਾਲਜ ਆਫ ਐਜੂਕੇਸ਼ਨ, ਦਿ ਬ੍ਰਿਟਿਸ਼ ਕੋ-ਐਡ ਸਕੂਲ, ਯਾਦਵੇਂਦਰਾ ਪਬਲਿਕ ਸਕੂਲ, ਬਲਾਸਮਜ਼ ਸੀਨੀਅਰ ਸੈਕੰਡਰੀ ਸਕੂਲ, ਆਵਰ ਲੇਡੀ ਆਫ ਫਾਤਿਮਾ ਕਾਨਵੈਂਟ ਸਕੂਲ, ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ, ਔਰੋਬਿੰਦੋ ਪਬਲਿਕ ਸਕੂਲ, ਪੰਜਾਬੀ ਯੂਨੀਵਰਸਿਟੀ, ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਸਰਕਾਰੀ ਪੌਲੀਟੈਕਨਿਕ ਕਾਲਜ, ਪੰਜਾਬ ਜੇਲ੍ਹ ਟ੍ਰੇਨਿੰਗ ਸਕੂਲ ਅਤੇ ਸ਼ਿਵਾਲਿਕ ਪਬਲਿਕ ਸਕੂਲ, ਸ਼ਾਮਲ ਹਨ। ਇਹ ਸੰਸਥਾਵਾਂ ਨਾ ਸਿਰਫ਼ ਸੜਕਾਂ ਦੀ ਸਫ਼ਾਈ ਕਰ ਰਹੀਆਂ ਹਨ, ਸਗੋਂ ਆਲੇ-ਦੁਆਲੇ ਦੇ ਵਾਤਾਵਰਣ ਨੂੰ ਸੁੰਦਰ ਬਣਾਉਣ ਲਈ ਨਵੇਂ ਅਤੇ ਨਵੀਨਤਾਕਾਰੀ ਵਿਚਾਰਾਂ 'ਤੇ ਵੀ ਕੰਮ ਕਰ ਰਹੀਆਂ ਹਨ। ਇਸ ਮੁਹਿੰਮ ਨਾਲ ਜੁੜੀਆਂ ਪ੍ਰਮੁੱਖ ਸੰਸਥਾਵਾਂ ਵਿੱਚ ਇੰਡੋ-ਤਿੱਬਤ ਬਾਰਡਰ ਪੁਲਿਸ, ਸਟੇਸ਼ਨ ਹੈੱਡਕੁਆਰਟਰ ਪਟਿਆਲਾ, ਬਾਗਬਾਨੀ ਵਿਭਾਗ, ਪੰਜਾਬ ਰੋਡ ਟਰਾਂਸਪੋਰਟ ਕਾਰਪੋਰੇਸ਼ਨ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਲੋਕ ਨਿਰਮਾਣ ਵਿਭਾਗ, ਸਿੰਚਾਈ ਅਤੇ ਡਰੇਨੇਜ ਵਿਭਾਗ ਆਦਿ ਵੀ ਸ਼ਾਮਲ ਹੋਏ ਹਨ।




